ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 27 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਫਾਂਸੀ ਦੀ ਸਜ਼ਾ ਨੂੰ ਘਟਾਉਣ ਲਈ

# ਮੁੜ ਗੌਰ ਕਰੇਗਾ ਸੁਪਰੀਮ ਕੋਰਟ

**ਨਵੀਂ ਦਿੱਲੀ, 26 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਦੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਤੋਂ ਇਨਕਾਰ ਕਰਨ ਤੋਂ 16 ਮਹੀਨਿਆਂ ਤੋਂ ਵੱਧ ਸਮੇਂ ਬਾਅਦ ਸੁਪਰੀਮ ਕੋਰਟ ਨੇ ਇਸ ਮੁੱਦੇ ਦੀ ਮੁੜ ਤੋਂ ਜਾਂਚ ਕਰਨ ਲਈ ਸਹਿਮਤੀ ਦਿੱਤੀ ਹੈ। ਬੈਂਚ ਨੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਉਨ੍ਹਾਂ ਦੀ ਨਵੀਂ ਪਟੀਸ਼ਨ 'ਤੇ ਨੋਟਿਸ ਜਾਰੀ ਕੀਤੇ, ਜਿਸ ਵਿੱਚ ਭਾਈ ਰਾਜੋਆਣਾ ਦੀ ਪਿਛਲੇ 28 ਸਾਲਾਂ ਦੀ ਕੈਦ ਤੇ ਉਸਦੀ ਰਹਿਮ ਦੀ ਅਪੀਲ ਦਾ ਫੈਸਲਾ ਕਰਨ ਵਿੱਚ ਬਹੁਤ ਦੇਰੀ ਦਾ ਹਵਾਲਾ ਦਿੱਤਾ ਗਿਆ ਸੀ। ਸੁਪਰੀਮ ਕੋਰਟ ਨੇ 3 ਮਈ 2023 ਨੂੰ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿਚ ਬਦਲਣ ਦੀ ਅਪੀਲ ਖ਼ਾਰਜ ਕਰ ਦਿੱਤੀ ਸੀ ਤੇ ਕੇਂਦਰ ਨੂੰ ਕਿਹਾ ਸੀ ਕਿ 'ਜਦੋਂ ਵੀ ਜ਼ਰੂਰੀ ਜਾਪੇ' ਰਹਿਮ ਦੀ ਅਪੀਲ ਉਤੇ ਫ਼ੈਸਲਾ ਲਵੇ। ਜਸਟਿਸ ਬੀ.ਆਰ.ਗਵਈ ਦੀ ਅਗਵਾਈ ਵਾਲੇ ਬੈਂਚ ਨੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਭਾਈ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਘਟਾਉਣ ਦੀ ਤਾਜ਼ਾ ਪਟੀਸ਼ਨ ਦਾ ਜਵਾਬ ਦੇਣ ਲਈ ਕਿਹਾ ਹੈ ਕਿਉਂਕਿ ਕੇਂਦਰ ਉਨ੍ਹਾਂ ਦੀ 25 ਮਾਰਚ, 2012 ਦੀ ਰਹਿਮ ਦੀ ਅਪੀਲ 'ਤੇ ਅੱਜ ਤੱਕ ਫੈਸਲਾ ਲੈਣ ਵਿੱਚ ਅਸਫਲ ਰਿਹਾ ਹੈ। ਜ਼ਿਕਰ ਕਰ ਦਈਏ ਕਿ 1995 ਵਿੱਚ ਬੇਅੰਤ ਸਿੰਘ ਦੀ ਹੱਤਿਆ ਉਪਰੰਤ ਭਾਈ ਰਾਜੋਆਣਾ ਫਾਂਸੀ ਦੀ ਉਡੀਕ ਵਿੱਚ 28 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹੈ। ਦੱਸ ਦਈਏ ਕਿ 31 ਅਗਸਤ 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰੇਤ ਦੇ ਬਾਹਰ ਇੱਕ ਧਮਾਕੇ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ 16 ਹੋਰਾਂ ਦੀ ਮੌਤ ਹੋ ਗਈ ਸੀ। ਭਾਈ ਰਾਜੋਆਣਾ ਨੂੰ ਇੱਕ ਵਿਸ਼ੇਸ਼ ਅਦਾਲਤ ਨੇ 2007 ਵਿੱਚ ਫਾਂਸੀ ਦੀ ਸਜ਼ਾ ਸੁਣਾਈ ਸੀ। ਉਨ੍ਹਾਂ ਦੀ ਅਪੀਲ 12 ਸਾਲਾਂ ਤੋਂ ਵੱਧ ਸਮੇਂ ਤੋਂ ਲਟਕ ਰਹੀ ਹੈ।






## ਪੰਜਾਬ ਦਾ ਸਭ ਤੋਂ ਮਹਿੰਗਾ ਟੋਲ ਪਲਾਜ਼ਾ ਹੋਏਗਾ ਫਰੀ ! ਵਾਹਨ ਚਾਲਕਾਂ ਨੂੰ ਨਹੀਂ ਦੇਣਾ ਪਏਗਾ ਟੋਲ ਟੈਕਸ

**ਲੁਧਿਆਣਾ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦਾ ਸਭ ਤੋਂ ਮਹਿੰਗਾ ਟੋਲ ਪਲਾਜ਼ਾ ਕੱਲ੍ਹ (ਸ਼ੁੱਕਰਵਾਰ) ਤੋਂ ਇੱਕ ਵਾਰ ਫਿਰ ਲੋਕਾਂ ਲਈ ਫਰੀ ਹੋ ਸਕਦਾ ਹੈ। ਮਤਲਬ ਲੋਕਾਂ ਨੂੰ ਉੱਥੋਂ ਲੰਘਣ ਲਈ ਕੁਝ ਵੀ ਨਹੀਂ ਦੇਣਾ ਪਵੇਗਾ। ਇਹ ਫੈਸਲਾ ਟੋਲ ਪਲਾਜ਼ਾ ਵਰਕਰਜ਼ ਯੂਨੀਅਨ ਪੰਜਾਬ ਦੇ ਅਧਿਕਾਰੀਆਂ ਦੀ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਦੀ ਪ੍ਰਧਾਨਗੀ ਪੰਜਾਬ ਪ੍ਰਧਾਨ ਦਰਸ਼ਨ ਸਿੰਘ ਲਾਡੀ ਨੇ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਸਬੰਧੀ ਕਈ ਮਹੀਨਿਆਂ ਤੋਂ ਕੰਪਨੀ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਪਰ ਅੱਜ ਤੱਕ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਗਿਆ। ਕੰਪਨੀ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ। ਇਸ ਕਾਰਨ ਟੋਲ ਪਲਾਜ਼ਾ ਵਰਕਰਜ਼ ਯੂਨੀਅਨ ਪੰਜਾਬ ਨੇ ਐਲਾਨ ਕੀਤਾ ਹੈ ਕਿ 27 ਸਤੰਬਰ ਤੋਂ ਲਾਡੋਵਾਲ ਟੋਲ ਪਲਾਜ਼ਾ ਅਣਮਿੱਥੇ ਸਮੇਂ ਲਈ ਫਰੀ ਰਹੇਗਾ ਤੇ ਕਿਸੇ ਵੀ ਵਾਹਨ ਚਾਲਕ ਤੋਂ ਟੋਲ ਨਹੀਂ ਵਸੂਲਿਆ ਜਾਵੇਗਾ। ਦਰਸ਼ਨ ਸਿੰਘ ਲਾਡੀ ਨੇ ਕਿਹਾ ਕਿ ਟੋਲ ਪਲਾਜ਼ਾ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਨਾ ਤਾਂ ਸਰਕਾਰੀ ਛੁੱਟੀ ਦਿੱਤੀ ਜਾ ਰਹੀ ਹੈ ਤੇ ਨਾ ਹੀ ਉਨ੍ਹਾਂ ਦਾ ਪੀਐਫ ਕੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਕਤ ਕੰਪਨੀ ਵੱਲੋਂ ਟੋਲ ਮੁਲਾਜ਼ਮਾਂ ਨੂੰ ਕੋਈ ਈਐਸਆਈ ਤੇ ਭਲਾਈ ਸਕੀਮਾਂ ਦੀਆਂ ਸਹੂਲਤਾਂ ਨਹੀਂ ਦਿੱਤੀਆਂ ਜਾ ਰਹੀਆਂ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਗੱਲਾਂ ਦੇ ਵਿਰੋਧ ਵਿੱਚ 27 ਸਤੰਬਰ ਨੂੰ ਟੋਲ ਪਲਾਜ਼ਾ ਮੁਲਾਜ਼ਮਾਂ ਵੱਲੋਂ ਟੋਲ ਪਲਾਜ਼ਾ ਨੂੰ ਮੁਕੰਮਲ ਤੌਰ 'ਤੇ ਫਰੀ ਕੀਤਾ ਜਾਵੇਗਾ।

## ਦਿਲਜੀਤ ਦੀ 'ਪੰਜਾਬ 95' ਮੁਸ਼ਕਿਲਾਂ 'ਚ ਘਿਰੀ, ਐੱਸ. ਜੀ. ਪੀ. ਸੀ ਨੇ ਜਤਾਇਆ ਇਤਰਾਜ਼

**ਅੰਮ੍ਰਿਤਸਰ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-'ਦਿਲ-ਲੁਮਿਨਾਟੀ' ਟੂਰ ਅਧੀਨ ਇੰਨੀ ਦਿਨੀਂ ਇੰਗਲੈਂਡ 'ਚ ਧੁੰਮਾਂ ਪਾ ਰਹੇ ਦੇਸੀ ਰੌਕਸਟਾਰ ਦਿਲਜੀਤ ਦੋਸਾਂਝ ਦੀ ਬਹੁ-ਚਰਚਿਤ ਫ਼ਿਲਮ 'ਪੰਜਾਬ 95' ਮੁੜ ਮੁਸ਼ਕਿਲਾਂ 'ਚ ਘਿਰ ਦੀ ਨਜ਼ਰ ਆ ਰਹੀ ਹੈ, ਜਿਸ 'ਚ ਸੈਂਸਰ ਬੋਰਡ ਵੱਲੋਂ 120 ਕੱਟ ਲਗਾਏ ਜਾਣ ਦੀ ਹਿਦਾਇਤ ਕੀਤੀ ਗਈ ਹੈ। ਮਨੁੱਖੀ ਅਧਿਕਾਰ ਕਾਰਕੁਨ ਅਤੇ ਮਹਾਨ ਸਿੱਖ ਸ਼ਖਸੀਅਤ ਵਜੋ ਜਾਣੇ ਜਾਂਦੇ ਮਰਹੂਮ ਜਸਵੰਤ ਸਿੰਘ ਖਾਲੜਾ ਦੇ ਜੀਵਨ, ਸੰਘਰਸ਼ ਅਤੇ ਅਣਮਨੁੱਖੀ ਮੌਤ ਦੀ ਦਾਸਤਾਂ ਬਿਆਨ ਕਰਦੀ ਉਕਤ ਫ਼ਿਲਮ ਦੇ ਮੁੱਖ ਕਿਰਦਾਰ ਦਾ ਨਾਂ ਬਦਲਣ ਦੀ ਵੀ ਮੰਗ ਸੈਂਸਰ ਬੋਰਡ ਦੁਆਰਾ ਕੀਤੀ ਜਾ ਚੁੱਕੀ ਹੈ, ਜਿਸ ਨੂੰ ਲੈ ਕੇ ਨਿਰਮਾਤਾਵਾਂ ਨੇ ਆਪਣੀ ਨਾਰਾਜ਼ਗੀ ਵੀ ਜ਼ਾਹਿਰ ਕੀਤੀ ਸੀ। ਮਰਹੂਮ ਜਸਵੰਤ ਸਿੰਘ ਖਾਲੜਾ ਦੇ ਜੀਵਨ ਉੱਤੇ ਅਧਾਰਿਤ ਇਸ ਫ਼ਿਲਮ ਦੇ ਸੀਨਾਂ 'ਤੇ ਸੈਂਸਰ ਬੋਰਡ ਵੱਲੋਂ ਲਗਾਏ ਜਾ ਰਹੇ ਕੱਟਾਂ ਨੂੰ ਲੈ ਕੇ ਐੱਸ. ਜੀ. ਪੀ. ਸੀ. ਦੇ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਹੈ ਕਿ ਭਾਜਪਾ ਸਰਕਾਰ ਕਾਂਗਰਸ ਵੱਲੋਂ ਕੀਤੇ ਜਾ ਰਹੇ ਤਸ਼ੱਦਦ 'ਤੇ ਪਰਦਾ ਪਾਉਣ ਦੀ ਸ਼ਰੇਆਮ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਕਾਂਗਰਸ ਨੇ 1984 ਵਿੱਚ ਸਿੱਖ ਕੌਮ 'ਤੇ ਹਰ ਤਰ੍ਹਾਂ ਦਾ ਤਸ਼ੱਦਦ ਕੀਤਾ ਅਤੇ ਇਸ ਜ਼ੁਲਮ ਦੇ ਵਿਰੋਧ ਵਿੱਚ ਅਵਾਜ਼ ਚੁੱਕਣ ਵਾਲੇ ਮਰਹੂਮ ਜਸਵੰਤ ਸਿੰਘ ਖਾਲੜਾ ਦੇ ਨਾਮ ਨੂੰ ਵੀ ਫਿਲਮ ਵਿੱਚ ਬਦਲਣ ਦੀ ਗੱਲਾਂ ਹੋ ਰਹੀਆਂ ਹਨ ਜੋ ਕਿ ਸ਼ਰੇਆਮ ਭਾਜਪਾ ਦੇ ਦੋਗਲੇ ਚਿਹਰੇ ਨੂੰ ਬੇਨਕਾਬ ਕਰਨ ਲਈ ਕਾਫ਼ੀ ਹੈ। ਐੱਸ. ਜੀ. ਪੀ. ਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਅੱਗੇ ਕਿਹਾ ਕਿ ਭਾਜਪਾ ਦੇ ਚਹੇਤੇ ਸਿੱਖ ਆਗੂ ਸ਼ਰੇਆਮ ਸਿੱਖ ਕੌਮ ਨਾਲ ਕੀਤੇ ਜਾ ਰਹੇ ਧੱਕੇ ਦੇ ਬਾਵਜੂਦ ਕੁੱਝ ਵੀ ਨਹੀਂ ਬੋਲ ਰਹੇ। ਉਨ੍ਹਾਂ ਆਖਿਆ ਕਿ ਸਿੱਖ ਚਿਹਰੇ ਜੋ ਭਾਜਪਾ 'ਚ ਸ਼ਾਮਲ ਨੇ ਉਹ ਹਮੇਸ਼ਾ ਕੌਮ ਦੀ ਅਗਵਾਈ ਕਰਨ ਦੀ ਗੱਲ ਕਰਦੇ ਨੇ ਪਰ ਅੱਜ ਭਾਜਪਾ ਵੱਲੋਂ ਕੀਤੇ ਜਾ ਰਹੇ ਧੱਕੇ ਦੇ ਵਿਰੋਧ ਲਈ ਇੱਕ ਸ਼ਬਦ ਵੀ ਨਹੀਂ ਬੋਲ ਰਹੇ। ਜੇਕਰ ਇਨ੍ਹਾਂ ਨੂੰ ਸਿੱਖ ਕੌਮ ਨਾਲ ਕੋਈ ਹਮਦਰਦੀ ਹੈ, ਤਾਂ ਹੁਣ ਅੱਗੇ ਆਉਣ ਦੀ ਲੋੜ ਹੈ।



## ਸ੍ਰੀ ਚਮਕੌਰ ਸਾਹਿਬ ਦੇ ਇਲਾਕੇ 'ਚੋਂ ਪੀਣ ਵਾਲੇ ਪਾਣੀ ਦੇ 3 ਨਮੂਨੇ ਫੇਲ੍ਹ ਹੋਣ ਕਾਰਨ ਲੋਕਾਂ 'ਚ ਖਲਬਲੀ

**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਚਮਕੌਰ ਸਾਹਿਬ ਦੇ ਇਲਾਕੇ 'ਚੋਂ ਪੀਣ ਵਾਲੇ ਪਾਣੀ ਦੇ 3 ਨਮੂਨੇ ਫੇਲ੍ਹ ਹੋਣ ਕਾਰਨ ਲੋਕਾਂ 'ਚ ਖਲਬਲੀ ਮਚ ਗਈ। ਇਸ ਸਬੰਧੀ ਜਦੋਂ ਸੀਨੀਅਰ ਮੈਡੀਕਲ ਅਫ਼ਸਰ ਡਾ. ਗੋਬਿੰਦ ਟੰਡਨ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਮੰਨਿਆ ਕਿ ਇਲਾਕੇ ਦੇ 8 ਪਿੰਡਾਂ 'ਚੋਂ ਪਾਣੀ ਦੇ ਸੈਂਪਲ ਭਰੇ ਸਨ, ਜਿਨ੍ਹਾਂ ਵਿਚੋਂ ਖਰੜ ਲੈਬੋਰੇਟਰੀ ਤੋਂ 3 ਸੈਂਪਲ ਫੇਲ੍ਹ ਹੋਣ ਦੀ ਰਿਪੋਰਟ ਆਈ ਹੈ ਜਦਕਿ 5 ਸੈਂਪਲ ਪਾਸ ਹਨ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਦੂਸ਼ਿਤ ਪਾਣੀ ਪੀਣ ਨਾਲ ਉਲਟੀਆਂ ਤੇ ਦਸਤ ਲੱਗ ਸਕਦੇ ਹਨ। ਵਿਭਾਗ ਨੇ ਆਪਣੇ ਵੱਲੋਂ ਸਬੰਧਤ ਪਿੰਡਾਂ 'ਚ ਪਹੁੰਚ ਕੇ ਦਵਾਈਆਂ ਵੀ ਵੰਡ ਦਿੱਤੀਆਂ ਹਨ। ਹਸਪਤਾਲ ਦੇ ਸਬੰਧਤ ਅਧਿਕਾਰੀ ਨੇ ਦੱਸਿਆ ਕਿ ਇਹ ਸੈਂਪਲ ਪਿੰਡ ਬਰਸਾਲਪੁਰ, ਪਿੱਪਲ ਮਾਜਰਾ, ਸਲੇਮਪੁਰ, ਮਕੜੌਨਾ ਅਤੇ ਅਮਰਾਲੀ ਆਦਿ ਪਿੰਡਾਂ 'ਚੋਂ ਭਰੇ ਗਏ ਸਨ, ਜਿਨ੍ਹਾਂ 'ਚੋਂ ਪਿੰਡ ਸਲੇਮਪੁਰ, ਪਿੱਪਲ ਮਾਜਰਾ ਤੇ ਅਮਰਾਲੀ ਦੇ ਪੀਣ ਵਾਲੇ ਪਾਣੀ ਦੇ ਸੈਂਪਲ ਫੇਲ੍ਹ ਦੱਸੇ ਗਏ ਹਨ। ਇਨ੍ਹਾਂ ਪਿੰਡਾਂ ਦੇ ਪਾਣੀਆਂ ਨੂੰ ਨਾ-ਪੀਣ ਯੋਗ ਕਰਾਰ ਦਿੱਤਾ ਗਿਆ ਹੈ। ਉਪਰੋਕਤ ਅਧਿਕਾਰੀ ਨੇ ਦੱਸਿਆ ਕਿ ਸਿਹਤ ਵਿਭਾਗ ਨੇ ਤੁਰੰਤ ਐਕਸ਼ਨ ਕਰਦਿਆਂ ਸਬੰਧਤ ਪਿੰਡਾਂ 'ਚ ਜਾ ਕੇ ਪਾਣੀ 'ਚ ਕਲੋਰੀਨ ਤੇ ਪਾਣੀ ਉਬਾਲ ਕੇ ਪੀਣ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਹੈ। ਉਨ੍ਹਾਂ ਮੁੱਢਲੇ ਤੌਰ 'ਤੇ ਇਹ ਵੀ ਦੱਸਿਆ ਕਿ ਇਸ ਦਾ ਕਾਰਨ ਜਲ ਸਪਲਾਈ ਵਾਲੀਆਂ ਪਾਈਪਾਂ 'ਚ ਨਾਲੀਆਂ ਦਾ ਪਾਣੀ ਮਿਕਸ ਹੋਣਾ ਹੈ, ਜਿਸ ਸਬੰਧੀ ਵਿਭਾਗ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਚਮਕੌਰ ਸਾਹਿਬ ਦੇ 5 ਟਿਊਬਵੈੱਲਾਂ 'ਚੋਂ ਵਾਟਰ ਸਪਲਾਈ ਵਿਭਾਗ ਦੇ 1 ਟਿਊਬਵੈੱਲ ਦੇ ਬੰਦ ਹੋਣ ਦੀ ਖ਼ਬਰ ਹੈ। ਦੱਸਿਆ ਜਾਂਦਾ ਹੈ ਕਿ ਇਹ ਟਿਊਬਵੈੱਲ ਲਗਭਗ 10 ਸਾਲ ਪਹਿਲਾਂ ਲੱਖਾਂ ਰੁਪਏ ਦੀ ਲਾਗਤ ਨਾਲ ਲਾਇਆ ਗਿਆ ਸੀ ਅਤੇ ਹੁਣ ਇਸ ਟਿਊਬਵੈੱਲ ਨੇ ਪਾਣੀ ਕੱਢਣ ਦੀ ਬਜਾਏ ਰੇਤਾ ਕੱਢਣਾ ਸ਼ੁਰੂ ਕਰ ਦਿੱਤਾ, ਜਿਸ ਤੋਂ ਸਾਫ਼ ਜ਼ਾਹਿਰ ਹੈ ਕਿ ਇਸ ਟਿਊਬਵੈੱਲ ਦਾ ਬੋਰ ਕਰਨ ਸਮੇਂ ਮਾਹਰਾਂ ਨੇ ਪਾਣੀ ਦਾ ਪੱਤਣ ਸਹੀ ਦੇਖ ਕੇ ਬੋਰ ਨਹੀਂ ਕੀਤਾ। ਜਦੋਂ ਇਸ ਸਬੰਧੀ ਵਾਟਰ ਸਪਲਾਈ ਦੇ ਐੱਸ.ਡੀ.ਓ. ਸੰਦੀਪ ਸ਼ਰਮਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪਿੰਡ ਅਮਰਾਲੀ ਸਾਡੇ ਅਧੀਨ ਨਹੀਂ ਆਉਂਦਾ ਜਦਕਿ ਸਲੇਮਪੁਰ ਪਿੰਡ ਦੇ ਸੈਂਪਲ ਸਿਹਤ ਵਿਭਾਗ ਮੁਤਾਬਿਕ ਫੇਲ੍ਹ ਹੋ ਸਕਦੇ ਹਨ, ਸਾਡੇ ਵਿਭਾਗ ਅਨੁਸਾਰ ਫੇਲ੍ਹ ਨਹੀਂ ਹਨ। ਉਨ੍ਹਾਂ ਇਸ ਦੀ ਜਾਂਚ ਵੀ ਕੀਤੀ ਹੈ ਜੋ ਕਿ ਸੈਂਪਲ ਪਾਸ ਪਾਏ ਗਏ ਹਨ। ਉਪਰੋਕਤ ਅਧਿਕਾਰੀ ਨੇ ਦੱਸਿਆ ਕਿ ਸਿਹਤ ਵਿਭਾਗ ਦਾ ਸੈਂਪਲ ਲੈਣ ਦਾ ਤਰੀਕਾ ਗ਼ਲਤ ਹੈ। ਇਸ ਸਬੰਧੀ ਐੱਸ.ਡੀ.ਐੱਮ. ਨੂੰ ਜਾਣੂ ਕਰਵਾ ਦਿੱਤਾ ਗਿਆ ਹੈ। ਪਾਣੀ ਦੀ ਸੈਂਪਲਿੰਗ ਤੇ ਦੂਸ਼ਿਤ ਹੋਣ ਵਾਲੀਆਂ ਅਫ਼ਵਾਹਾਂ ਦਾ ਖੰਡਨ ਕਰਦਿਆਂ ਕਿਹਾ ਕਿ ਪਿੰਡਾਂ 'ਚ ਪਾਣੀ ਦਾ ਪ੍ਰਬੰਧ ਪੰਚਾਇਤਾਂ ਅਧੀਨ ਹੀ ਆਉਂਦਾ ਹੈ। ਸਮੱਸਿਆ ਬਾਰੇ ਪੁੱਛੇ ਜਾਣ 'ਤੇ ਕੌਂਸਲਰ ਸੁਖਵੀਰ ਸਿੰਘ ਨੇ ਦੱਸਿਆ ਕਿ ਚਮਕੌਰ ਸਾਹਿਬ ਦਾ ਪਾਣੀ ਦੂਸ਼ਿਤ ਨਹੀਂ ਹੋਇਆ ਹੈ। ਜੋ ਟਿਊਬਵੈੱਲ ਬੰਦ ਹੋਇਆ ਹੈ ਉਹ ਸਲੱਮ ਏਰੀਆ ਹੈ ਪਰ ਫਿਰ ਵੀ ਪਾਣੀ ਦੀ ਸਪਲਾਈ ਦੂਜੇ ਟਿਊਬਵੈੱਲਾਂ ਤੋਂ ਨਿਰੰਤਰ ਜਾਰੀ ਹੈ।



## ਪੰਚਾਇਤੀ ਚੋਣਾਂ 'ਤੇ ਰਹੇਗਾ ਸ਼ਿਕੰਜਾ ! ਸਰਪੰਚ ਤੇ ਪੰਚ ਉਮੀਦਵਾਰ ਨਹੀਂ ਕਰ ਸਕਣਗੇ ਮਨਮਾਨੀਆਂ

**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ 13,237 ਪੰਚਾਇਤਾਂ ਲਈ ਚੋਣਾਂ ਦਾ ਐਲਾਨ ਹੋ ਗਿਆ ਹੈ। ਇਸ ਲਈ ਵੋਟਿੰਗ 15 ਅਕਤੂਬਰ ਨੂੰ ਹੋਵੇਗੀ। ਵੋਟਾਂ ਦੀ ਗਿਣਤੀ ਵੀ ਉਸੇ ਦਿਨ ਸ਼ਾਮ 4 ਵਜੇ ਸ਼ੁਰੂ ਹੋਵੇਗੀ, ਜਿਸ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ। ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਚੋਣ ਪ੍ਰੋਗਰਾਮ ਦਾ ਐਲਾਨ ਕਰਦਿਆਂ ਸਖਤ ਸੰਕੇਤ ਦਿੱਤੇ ਕਿ ਇਸ ਵਾਰ ਚੋਣਾਂ ਦੌਰਾਨ ਮਨਮਰਜ਼ੀਆਂ ਨਹੀਂ ਚੱਲਣਗੀਆਂ। ਚੋਣ ਕਮਿਸ਼ਨ ਨੇ ਇਸ ਵਾਰ ਸਰਪੰਚ ਤੇ ਪੰਚ ਉਮਦੀਵਾਰਾਂ ਲਈ ਖਰਚ ਦੀ ਹੱਦ ਤੈਅ ਕਰਦਿਆਂ ਕਿਹਾ ਕਿ ਵੱਧ ਖਰਚ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਹੋਏਗੀ। ਇਸ ਤੋਂ ਇਲਾਵਾ ਪੰਚਾਇਤੀ ਚੋਣਾਂ ਵਿੱਚ ਸਿਆਸੀ ਪਾਰਟੀਆਂ ਦੇ ਦਖਲ ਨੂੰ ਵੀ ਨਕੇਲ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੰਜਾਬ 'ਚ ਇਸ ਵਾਰ ਪੰਚਾਇਤੀ ਚੋਣਾਂ ਪਾਰਟੀ ਚੋਣ ਨਿਸ਼ਾਨ 'ਤੇ ਨਹੀਂ ਲੜੀਆਂ ਜਾਣਗੀਆਂ। ਚੋਣਾਂ ਦੌਰਾਨ ਡਰਾਈ ਡੇਅ ਵੀ ਐਲਾਨਿਆ ਜਾਵੇਗਾ। ਚੋਣਾਂ ਵਿੱਚ ਖਰਚੇ ਦੀ ਹੱਦ ਤੈਅ ਕੀਤੀ ਹੈ। ਬੇਸ਼ੱਕ ਇਸ ਵਿੱਚ ਪਹਿਲਾਂ ਨਾਲੋਂ ਵਾਧਾ ਕੀਤਾ ਗਿਆ ਹੈ ਪਰ ਇਸ ਵਾਰ ਇਸ ਨੂੰ ਸਖਤੀ ਨਾਲ ਲਾਗੂ ਕੀਤਾ ਜਾਏਗਾ। ਸਰਪੰਚ ਦੇ ਅਹੁਦੇ ਲਈ ਉਮੀਦਵਾਰ ਚੋਣ ਵਿੱਚ 40 ਹਜ਼ਾਰ ਰੁਪਏ ਖਰਚ ਕਰ ਸਕਣਗੇ, ਜੋ ਪਹਿਲਾਂ 30 ਹਜ਼ਾਰ ਰੁਪਏ ਸੀ। ਇਸੇ ਤਰ੍ਹਾਂ ਪੰਚ ਦੇ ਅਹੁਦੇ ਲਈ ਉਮੀਦਵਾਰ 30 ਹਜ਼ਾਰ ਰੁਪਏ ਖਰਚ ਕਰ ਸਕਣਗੇ, ਜੋ ਪਹਿਲਾਂ 20 ਹਜ਼ਾਰ ਰੁਪਏ ਤੈਅ ਸੀ। ਡੀਸੀ ਵੱਲੋਂ ਚੋਣ ਖਰਚੇ ਦੀ ਨਿਗਰਾਨੀ ਕੀਤੀ ਜਾਵੇਗੀ। ਨਾਮਾਂਕਣ ਦੀ ਫੀਸ 100 ਰੁਪਏ ਰੱਖੀ ਗਈ ਹੈ, ਜਦੋਂਕਿ ਅਨੁਸੂਚਿਤ ਜਾਤੀ ਤੇ ਪੱਛੜੀਆਂ ਸ਼੍ਰੇਣੀਆਂ ਲਈ ਇਹ ਦਾਖਲਾ ਫੀਸ 50 ਰੁਪਏ ਹੋਵੇਗੀ। ਚੋਣਾਂ ਵਿੱਚ 96 ਹਜ਼ਾਰ ਸਟਾਫ਼ ਡਿਊਟੀ 'ਤੇ ਲਾਇਆ ਜਾਵੇਗਾ। ਇਸ ਤੋਂ ਇਲਾਵਾ 23 ਸੀਨੀਅਰ ਆਈਏਐਸ ਤੇ ਪੀਸੀਐਸ ਅਧਿਕਾਰੀਆਂ ਨੂੰ ਵੀ ਸੁਪਰਵਾਈਜ਼ਰ ਵਜੋਂ ਨਿਯੁਕਤ ਕੀਤਾ ਜਾਵੇਗਾ। ਚੋਣ ਸਬੰਧੀ ਹਰ ਤਰ੍ਹਾਂ ਦੇ ਫਾਰਮ ਕਮਿਸ਼ਨ ਦੀ ਵੈੱਬਸਾਈਟ www.sec.punjab.gov.in 'ਤੇ ਅਪਲੋਡ ਕਰ ਦਿੱਤੇ ਗਏ ਹਨ।

**ਵੱਖਰਾ ਚੋਣ ਜ਼ਾਬਤਾ ਤਿਆਰ :** ਚੋਣ ਕਮਿਸ਼ਨਰ ਨੇ ਕਿਹਾ ਕਿ ਪੰਚਾਇਤੀ ਚੋਣਾਂ ਲਈ ਵੱਖਰਾ ਚੋਣ ਜ਼ਾਬਤਾ ਤਿਆਰ ਕੀਤਾ ਗਿਆ ਹੈ, ਜਿਸ ਤਹਿਤ ਚੋਣਾਂ ਵਿੱਚ ਕੋਈ ਸਿਆਸੀ ਦਖ਼ਲਅੰਦਾਜ਼ੀ ਨਹੀਂ ਹੋਵੇਗੀ। ਇਹ ਸਿਰਫ਼ ਗ੍ਰਾਮ ਪੰਚਾਇਤਾਂ 'ਤੇ ਲਾਗੂ ਹੋਵੇਗਾ। ਸਰਬਸੰਮਤੀ ਨਾਲ ਚੁਣੀਆਂ ਜਾਣ ਵਾਲੀਆਂ ਪੰਚਾਇਤਾਂ 'ਤੇ ਚੋਣ ਜ਼ਾਬਤਾ ਲਾਗੂ ਨਹੀਂ ਹੋਵੇਗਾ। ਚੋਣ ਲੜਨ ਲਈ ਘੱਟੋ-ਘੱਟ ਉਮਰ 25 ਸਾਲ ਰੱਖੀ ਗਈ ਹੈ। ਦੱਸ ਦੇਈਏ ਕਿ ਫਰਵਰੀ ਮਹੀਨੇ ਵਿੱਚ ਪੰਚਾਇਤੀ ਕਾਰਜਕ੍ਰਮ ਖਤਮ ਹੋ ਗਿਆ ਸੀ ਪਰ ਚੋਣਾਂ ਨਾ ਹੋਣ ਕਾਰਨ ਗ੍ਰਾਮ ਪੰਚਾਇਤਾਂ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ। ਇਹੀ ਕਾਰਨ ਹੈ ਕਿ ਇਨ੍ਹਾਂ ਪੰਚਾਇਤਾਂ ਨੇ ਚੋਣਾਂ ਕਰਵਾਉਣ ਸਬੰਧੀ ਹਾਈਕੋਰਟ ਤੱਕ ਵੀ ਪਹੁੰਚ ਕੀਤੀ ਸੀ। ਪੰਚਾਇਤੀ ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ 27 ਸਤੰਬਰ ਤੋਂ ਸ਼ੁਰੂ ਹੋਵੇਗੀ, ਜੋ 4 ਅਕਤੂਬਰ ਤੱਕ ਜਾਰੀ ਰਹੇਗੀ। ਨਾਮਜ਼ਦਗੀ ਪੱਤਰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾਖਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀ ਪ੍ਰਕਿਰਿਆ 28 ਸਤੰਬਰ ਨੂੰ ਜਨਤਕ ਛੁੱਟੀ ਹੋਣ ਕਾਰਨ ਬੰਦ ਰਹੇਗੀ। ਸਾਰੀਆਂ ਨਾਮਜ਼ਦਗੀਆਂ 5 ਅਕਤੂਬਰ ਨੂੰ ਛਾਂਟੀਆਂ ਜਾਣਗੀਆਂ, ਜਿਸ ਤੋਂ ਬਾਅਦ 7 ਅਕਤੂਬਰ ਨੂੰ ਬਾਅਦ ਦੁਪਹਿਰ 3 ਵਜੇ ਤੱਕ ਉਮੀਦਵਾਰ ਆਪਣੇ ਨਾਮ ਵਾਪਸ ਲੈ ਸਕਣਗੇ। ਵੋਟਿੰਗ 15 ਅਕਤੂਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ। ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਉਨ੍ਹਾਂ ਨੇ ਝੋਨੇ ਦੇ ਸੀਜ਼ਨ, ਤਿਉਹਾਰਾਂ ਦੀਆਂ ਛੁੱਟੀਆਂ ਤੇ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਚੋਣ ਪ੍ਰੋਗਰਾਮ ਤਿਆਰ ਕੀਤਾ ਹੈ, ਤਾਂ ਜੋ ਕਿਸੇ ਕਿਸਮ ਦੀ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਦੱਸਿਆ ਕਿ ਗ੍ਰਾਮ ਪੰਚਾਇਤ ਚੋਣਾਂ ਰਾਹੀਂ 13,237 ਸਰਪੰਚ ਤੇ 83,437 ਪੰਚ ਚੁਣੇ ਜਾਣਗੇ।

## ਹੁਣ ਕਸੂਤੀ ਫਸੀ ਸਰਕਾਰ ! ਹਾਈਕੋਰਟ ਨੇ ਮਾਨ ਸਰਕਾਰ ਨੂੰ ਦਿੱਤੇ ਸਖ਼ਤ ਨਿਰਦੇਸ਼, 15 ਅਕਤੂਬਰ ਤੋਂ ਪਹਿਲਾਂ NHAI ਨੂੰ ਸੌਂਪੀ ਜਾਵੇ ਜ਼ਮੀਨ




**ਚੰਡੀਗੜ੍ਹ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਨੈਸ਼ਨਲ ਹਾਈਵੇਜ਼ ਅਥਾਰਟੀ ਆਫ਼ ਇੰਡੀਆ (NHAI) ਦੇ ਵੱਖ-ਵੱਖ ਪਾਇਲਟ ਪ੍ਰਾਜੈਕਟਾਂ ਲਈ ਲੋੜੀਂਦੀ ਜ਼ਮੀਨ ਦਾ ਕਬਜ਼ਾ 15 ਅਕਤੂਬਰ ਜਾਂ ਇਸ ਤੋਂ ਪਹਿਲਾਂ NHAI ਠੇਕੇਦਾਰਾਂ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ NHAI ਦੀਆਂ ਲੋੜਾਂ ਅਨੁਸਾਰ ਵਾਧੂ ਜ਼ਮੀਨ ਦਾ ਤਬਾਦਲਾ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਹਾਈ ਕੋਰਟ ਨੇ ਕਿਹਾ ਕਿ ਜ਼ਮੀਨ ਐਕਵਾਇਰ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ NHAI ਨੂੰ 15 ਅਕਤੂਬਰ ਤੋਂ ਪਹਿਲਾਂ ਇੱਕ ਪਾਲਣਾ ਹਲਫ਼ਨਾਮਾ ਦਾਇਰ ਕਰਨਾ ਹੋਵੇਗਾ, ਜਿਸ ਵਿੱਚ ਐਕੁਆਇਰ ਕੀਤੀ ਜ਼ਮੀਨ ਦੇ ਖਾਲੀ ਹੋਣ ਤੇ ਕਬਜ਼ੇ ਦੀ ਪੁਸ਼ਟੀ ਕੀਤੀ ਜਾਵੇਗੀ। ਇਹ ਹਲਫ਼ਨਾਮਾ 16 ਅਕਤੂਬਰ ਨੂੰ ਅਦਾਲਤ ਵਿੱਚ ਪੇਸ਼ ਕਰਨਾ ਲਾਜ਼ਮੀ ਹੋਵੇਗਾ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ NHAI ਦੁਆਰਾ ਐਕੁਆਇਰ ਕੀਤੀ ਜ਼ਮੀਨ ਠੇਕੇਦਾਰਾਂ ਨੂੰ ਸੌਂਪੇ ਜਾਣ ਤੋਂ ਬਾਅਦ, ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਚਲਾਉਣਾ ਚਾਹੀਦਾ ਹੈ। ਅਦਾਲਤ ਨੇ ਪ੍ਰਾਜੈਕਟਾਂ ਦੀ ਪ੍ਰਗਤੀ 'ਤੇ ਲਗਾਤਾਰ ਨਜ਼ਰ ਰੱਖਣ ਦੀ ਗੱਲ ਵੀ ਕਹੀ ਹੈ। ਪੰਜਾਬ ਦੇ ਡੀਜੀਪੀ ਅਤੇ ਸਬੰਧਤ ਐਸਐਸਪੀਜ਼ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਨਿਰੰਤਰ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਪਟੀਸ਼ਨ ਵਿੱਚ NHAI ਨੇ ਦਲੀਲ ਦਿੱਤੀ ਕਿ ਰਾਜ ਵਿੱਚ ਪਾਇਲਟ ਪ੍ਰੋਜੈਕਟਾਂ ਲਈ ਜ਼ਮੀਨ ਪ੍ਰਾਪਤੀ ਦੀ ਪ੍ਰਕਿਰਿਆ ਲਗਭਗ ਪੂਰੀ ਹੋ ਚੁੱਕੀ ਹੈ, ਪਰ ਫੰਡਾਂ ਦੀ ਵੰਡ 'ਚ ਦੇਰੀ ਕਾਰਨ ਜ਼ਮੀਨ ਪ੍ਰਾਪਤੀ ਦੀਆਂ ਰਸਮਾਂ ਪੂਰੀਆਂ ਨਹੀਂ ਹੋ ਰਹੀਆਂ ਹਨ। ਇਸ ਕਾਰਨ ਅਥਾਰਟੀ ਸਮੇਂ ਸਿਰ ਪ੍ਰਾਜੈਕਟਾਂ ਨੂੰ ਪੂਰਾ ਕਰਨ ਤੋਂ ਅਸਮਰੱਥ ਹੈ। ਐਨਐਚਏਆਈ ਨੇ ਕਿਹਾ ਕਿ 18 ਅਕਤੂਬਰ 2023 ਨੂੰ ਮੁੱਖ ਸਕੱਤਰ ਅਤੇ ਡੀਜੀਪੀ ਪੰਜਾਬ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ, ਪਰ ਰਾਜ ਨੇ ਨੈਸ਼ਨਲ ਹਾਈਵੇਜ਼ ਐਕਟ 1966 ਦੀ ਧਾਰਾ 3-ਡੀ ਤਹਿਤ ਜ਼ਮੀਨ ਗ੍ਰਹਿਣ ਕਰਨ ਦੀ ਪ੍ਰਕਿਰਿਆ ਵਿੱਚ ਦੇਰੀ ਕੀਤੀ। ਜਿਸ ਨੂੰ ਮੁਆਵਜ਼ੇ ਦੀ ਰਾਸ਼ੀ ਵੀ ਨਹੀਂ ਵੰਡੀ ਜਾ ਰਹੀ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.

www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

# HAYES PLANT HIRE

WE TRAIN YOU GAIN

NPORS ACCREDITED




# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

07715 1-28621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ

(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)


ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ ਗੁਰਪੁਰਵਾਸੀ ਸੰਤ ਬਾਬਾ ਸੁਚਾ ਸਿੰਘ ਜੀ (ਬਾਨੀ ਜਵੱਦੀ ਟਕਸਾਲ)
ਵੱਲੋ ਗੁਰਮਤਿ ਪ੍ਰਚਾਰ ਲਈ ਆਰੰਭੇ ਕਾਰਜਾਂ ਅਧੀਨ
450 ਸਾਲਾਂ
ਧੰਨ ਸ੍ਰੀ ਗੁਰੂ ਅਮਰਦਾਸ ਮਹਾਰਾਜ ਜੀ ਦਾ ਜੋਤੀ ਜੋਤ
ਅਤੇ ਧੰਨ ਸ੍ਰੀ ਗੁਰੂ ਰਾਮਦਾਸ ਮਹਾਰਾਜ ਜੀ ਦੇ
ਗੁਰਤਾ-ਗੱਦੀ ਨੂੰ ਸਮਰਪਿਤ
ਗੁਰਦੁਆਰਾ ਗੁਰ ਗਿਆਨ ਪ੍ਰਕਾਸ਼, ਜਵੱਦੀ ਟਕਸਾਲ ਵਿਖੇ
ਸ਼੍ਰੋਮਣੀ ਗੁਰਮਤਿ ਸੰਗੀਤ ਪ੍ਰਚਾਰਕ ਗੁਰਪੁਰਵਾਸੀ ਸੰਤ ਬਾਬਾ ਸੁਚਾ ਸਿੰਘ ਜੀ ਬਾਨੀ ਜਵੱਦੀ ਟਕਸਾਲ
ਸ਼੍ਰੋਮਣੀ ਸਿੱਖ ਪ੍ਰਚਾਰਕ ਸੰਤ ਬਾਬਾ ਅਮੀਰ ਸਿੰਘ ਜੀ ਮੁੱਖੀ ਜਵੱਦੀ ਟਕਸਾਲ
ਵਿਸ਼ੇਸ਼ ਸੈਮੀਨਰ
ਮਿਤੀ: 28 ਸਤੰਬਰ 2024 । ਸਮਾਂ: ਸਵੇਰੇ 11 ਤੋਂ ਦੁਪਹਿਰ 2 ਵਜੇ ਤੱਕ
ਸੁਆਗਤੀ ਸ਼ਬਦ : ਸੰਤ ਬਾਬਾ ਅਮੀਰ ਸਿੰਘ ਜੀ ਮੁੱਖੀ ਜਵੱਦੀ ਟਕਸਾਲ
ਮੁੱਖ ਮਹਿਮਾਨ
ਬੁਲਾਰੇ
ਪ੍ਰਧਾਨਗੀ
ਸਟੇਜ ਸਕੱਤਰ
ਸ. ਜਸਪ੍ਰੀਤ ਸਿੰਘ ਜੀ ਕਰਮਸਰ (ਚੇਅਰਮੈਨ ਧਰਮ ਪ੍ਰਚਾਰ ਦਿੱਲੀ ਕਮੇਟੀ)
ਡਾ. ਸੁਖਦਿਆਲ ਸਿੰਘ (ਪੰਜਾਬੀ ਯੂਨੀਵਰਸਿਟੀ ਪਟਿਆਲਾ)
ਡਾ. ਸਰਬਜਿੰਦਰ ਸਿੰਘ (ਗੁਰੂ ਨਾਨਕ ਦੇਵ ਯੂਨੀਵਰਸਿਟੀ. ਅੰਮ੍ਰਿਤਸਰ)
ਡਾ. ਅਨੁਰਾਗ ਸਿੰਘ (ਪ੍ਰਸਿਧ ਵਿਦਵਾਨ)
ਡਾ. ਜਸਬੀਰ ਕੌਰ ਜੀ (ਪੰਜਾਬੀ ਯੂਨੀਵਰਸਿਟੀ ਪਟਿਆਲਾ)
ਪ੍ਰਾਰਥਕ : ਸੰਤ ਬਾਬਾ ਅਮੀਰ ਸਿੰਘ ਜੀ, ਮੁਖੀ ਜਵੱਦੀ ਟਕਸਾਲ ਅਤੇ ਸਮੂਹ ਸਾਧਸੰਗਤ
ਪੂਰਨ ਸਹਿਯੋਗ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ
ਆਵਾਜ਼ਿ ਕੌਮ AWAZE QAUM International Newspaper & WEB TV
SANT BABA AMIR SINGH JI
JAWADDI TAKSAL
ਗੁ: ਗੁਰ ਗਿਆਨ ਪ੍ਰਕਾਸ਼, ਜਵੱਦੀ ਟਕਸਾਲ, ਲੁਧਿ। ਫੋਨ 0161-4503024, 2562596 98721-20274


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
ਗੁਰੂ ਹਰਿਰਾਇ
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

www.awazeqaumtv.com | ਸ਼ੁੱਕਰਵਾਰ, 27 ਸਤੰਬਰ 2024
ਲੰਡਨ (ਯੂ. ਕੇ.)
ਆਵਾਜ਼ਿ ਕੌਮ AWAZE QAUM

ੴ

ਜੇਹਾ ਚੀਰੀ ਲਿਖਿਆ ਤੇਹਾ ਹੁਕਮਿ ਕਮਾਹਿ, ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।
ਦੇ ਮਹਾਂਵਾਕ ਅਨੁਸਾਰ ਸਾਡੇ ਪੂਜਨੀਕ



# ਸ੍ਰ. ਰਾਮ ਸਿੰਘ

## (ਸਪੁੱਤਰ ਸ੍ਰ. ਰਾਜਾ ਸਿੰਘ)

ਮਿਤੀ **17-09-2024** ਦਿਨ ਮੰਗਲਵਾਰ ਨੂੰ ਅਕਾਲ ਪੁਰਖ ਦੀ ਹਜੂਰੀ ਵਿਚ ਜਾ ਵਿਰਾਜੇ ਸਨ।
ਸੋ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

# ਸ੍ਰੀ ਸਹਿਜ ਪਾਠ ਸਾਹਿਬ ਜੀ ਦਾ ਭੋਗ

**ਮਿਤੀ 27-09-2024** ਦਿਨ **ਸ਼ੁਕਰਵਾਰ** ਨੂੰ **ਦੁਪਹਿਰ 12:30 ਵਜੇ** ਅਸਥਾਨ **ਗੁਰਦੁਆਰਾ ਸਾਹਿਬ, ਪਿੰਡ ਕਰੰਡੀ (ਟੋਹਾਣਾ)** ਵਿਖੇ ਪਾਏ ਜਾਣਗੇ। ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

## ਦੁਖੀ ਹਿਰਦੇ ਨਾਲ:

ਲੱਖਾ ਸਿੰਘ (ਭਰਾ) ਮੋ. 93158-84498
ਮਨਪ੍ਰੀਤ ਸਿੰਘ (ਭਤੀਜਾ) ਮੋ. 86075-73618
ਅਤੇ ਸਮੂਹ ਗੰਡੂ ਪਰਿਵਾਰ

**ਨਿਵਾਸ ਸਥਾਨ : ਪਿੰਡ ਕਰੰਡੀ (ਟੋਹਾਣਾ)**

ਆਵਾਜ਼ਿ ਕੌਮ AWAZE QAUM
International Newspaper & WEB TV

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ ॥

# ਖਾੜਕੂ ਸਿੱਖ ਸੰਘਰਸ਼ ਦੇ ਮਹਾਨ ਯੋਧੇ ਭਾਈ ਸੁਖਵੰਤ ਸਿੰਘ ਗੂਹਲਾ ਨਮਿਤ ਅੰਤਿਮ ਅਰਦਾਸ 30 ਸਤੰਬਰ ਨੂੰ



ਭਾਈ ਸੁਖਵੰਤ ਸਿੰਘ ਗੂਹਲਾ

ਖਾੜਕੂ ਸਿੱਖ ਸੰਘਰਸ਼ ਦੇ ਮਹਾਨ ਯੋਧੇ ਭਾਈ ਸੁਖਵੰਤ ਸਿੰਘ ਗੂਹਲਾ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ, ਓਨਾ ਦੀ ਅੰਤਿਮ ਅਰਦਾਸ 30-9-2024 ਨੂੰ ਗੁਰਦਵਾਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਪਾਤਸ਼ਾਹੀ ਨੌਵੀਂ ਗੂਹਲਾ ਚੀਕਾਂ ਜਿਲ੍ਹਾ ਕੈਥਲ ਹਰਿਆਣਾ ਵਿਖ਼ੇ 11 ਵਜੇ ਹੋਵੇਗੀ।

**ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।**

ਆਵਾਜ਼ਿ ਕੌਮ AWAZE QAUM International Newspaper & WEB TV

## ਬੇਨਤੀ ਕਰਤਾ :
## ਸਮੂਹ ਪਰਿਵਾਰ ਅਤੇ ਸਾਧ ਸੰਗਤ

**ਜਾਰੀ ਕਰਤਾ :** ਭਾਈ ਬਾਬਾ ਇੰਦਰ ਸਿੰਘ ਕਾਰ ਸੇਵਾ, ਬਾਬਾ ਬਖਸੀਸ ਸਿੰਘ ਨਿਜ਼ਾਮਨੀਵਾਲਾ, ਬਾਬਾ ਦਿਲਬਾਗ ਸਿੰਘ ਅਤਾਲਾ, ਭਾਈ ਸੁਰਿੰਦਰ ਸਿੰਘ ਠੀਕਰੀਵਾਲ, ਭਾਈ ਬਗੀਚਾ ਸਿੰਘ ਰੱਤਾਖੇੜਾ, ਭਾਈ ਮਹਿੰਦਰ ਸਿੰਘ ਅਸੰਧ

# 1984 ਵਿੱਚ ਸ੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ ਤੋਂ ਬਾਅਦ ਸਿੱਖ ਸੰਘਰਸ਼ ਵਿੱਚ ਕੈਨੇਡਾ ਤੋਂ ਜਾ ਕੇ ਇਹਨਾਂ ਸਿੰਘਾਂ ਨੇ ਸਿੱਖ ਕੌਮ ਦੀ ਅਜ਼ਾਦੀ ਲਈ ਆਪਣਾ ਬਲੀਦਾਨ ਦਿੱਤਾ।



ਸ਼ਹੀਦ ਭਾਈ ਲਖਵੀਰ ਸਿੰਘ ਰੋਡੇ — ਆਈ. ਐਸ. ਵਾਈ. ਐਫ. ਕੰਨਵੀਨੀਅਰ

ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ — ਪ੍ਰਧਾਨ ਗੁਰੂ ਨਾਨਕ ਸਿੱਖ ਗੁਰਦੁਆਰਾ, ਮੈਂਬਰ ਐਸ. ਐਫ. ਜੇ.

ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ — ਮੁਖੀ ਇੰਟਰਨੈਸ਼ਨਲ ਬੱਬਰ ਖਾਲਸਾ

ਸ਼ਹੀਦ ਭਾਈ ਮੋਹਿੰਦਰ ਸਿੰਘ ਕੂਨਰ — ਮੈਂਬਰ ਆਈ. ਐਸ. ਵਾਈ. ਐਫ.

ਸ਼ਹੀਦ ਭਾਈ ਬਲਬੀਰ ਸਿੰਘ ਖਹਿਰਾ — ਮੈਂਬਰ ਆਈ. ਐਸ. ਵਾਈ. ਐਫ.



ਸ਼ਹੀਦ ਭਾਈ ਭੁਪਿੰਦਰ ਸਿੰਘ ਕੂਨਰ — ਮੈਂਬਰ ਆਈ. ਐਸ. ਵਾਈ. ਐਫ.

ਸ਼ਹੀਦ ਭਾਈ ਸੁਰਿੰਦਰ ਸਿੰਘ ਸਿੰਦਰ — ਮੈਂਬਰ ਆਈ. ਐਸ. ਵਾਈ. ਐਫ.

ਸ਼ਹੀਦ ਭਾਈ ਹਰਜਿੰਦਰ ਸਿੰਘ ਪਾੜ੍ਹਾ — ਮੈਂਬਰ ਆਈ. ਐਸ. ਵਾਈ. ਐਫ.

ਸ਼ਹੀਦ ਭਾਈ ਸੁਰਿੰਦਰ ਸਿੰਘ ਰਵੀ — ਮੈਂਬਰ ਆਈ. ਐਸ. ਵਾਈ. ਐਫ.

ਸ਼ਹੀਦ ਭਾਈ ਕੁਲਵਿੰਦਰ ਸਿੰਘ ਮੱਲ੍ਹੀ — ਮੈਂਬਰ ਆਈ. ਐਸ. ਵਾਈ. ਐਫ.

## ਕੈਨੇਡਾ ਦੇ ਜੁਝਾਰੂ ਸਿੰਘਾਂ ਦੀ ਯਾਦ ਵਿੱਚ ਸਮਾਗਮ

## 29 ਸਤੰਬਰ 2024

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਸ਼ਾਮ 5.30 ਵਜੇ ਪਾਏ ਜਾਣਗੇ।
ਉਪਰੰਤ 9:00 ਵਜੇ ਤੱਕ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਣਗੇ ਜੀ।

**ਸ੍ਰੀ ਗੁਰੂ ਸਿੰਘ ਸਭਾ ਮਾਲਟਨ ਕੈਨੇਡਾ: 905-671-1662**

ਸ. ਮਨਜੀਤ ਸਿੰਘ ਗਰੇਵਾਲ
647-280-7156

ਸ. ਅਮਰਜੀਤ ਸਿੰਘ ਮਾਨ
647-822-3608





## ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਤਲਵੰਡੀ ਸਾਬੋ ਵੱਲੋਂ

# 57ਵਾਂ ਇੰਜੀਨੀਅਰਜ ਦਿਵਸ ਮਨਾਇਆ



**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)-** ਅਰਟੀਫਿਸ਼ਲ-ਇੰਟਲੀਜੈਂਸ ਸੰਚਾਲਿਤ ਨਵੀਨਤਮ ਤਕਨੀਕਾਂ ਨੂੰ ਅਪਣਾਉਂਦੇ ਹੋਏ ਇੰਜੀਨੀਅਰਿੰਗ ਸਮਾਧਾਨਾਂ ਰਾਹੀਂ ਸਥਿਰਤਾ ਨੂੰ ਚਲਦਾ ਰੱਖਣਾ' ਵਰਗੇ ਮਹਤਵਪੂਰਨ ਵਿਸ਼ੇ ਨੂੰ ਲੈਕੇ ਯਾਦਵਿੰਦਰਾ ਇੰਜਨੀਰਿੰਗ ਵਿਭਾਗ ਵੱਲੋਂ 57ਵਾਂ ਇੰਜਨੀਰਿੰਗ ਦਿਵਸ ਮਨਾਇਆ ਗਿਆ।ਪ੍ਰੋ.(ਡਾ.)ਜਗਤਾਰ ਸਿੰਘ ਸਿਵੀਆ ਇਸ ਫੰਕਸ਼ਨ ਦੇ ਕਨਵੀਨਰ ਅਤੇ ਆਰਗੇਨਾਈਜ਼ਿੰਗ ਕਮੇਟੀ ਵਿੱਚ ਡਾ. ਗਗਨਦੀਪ ਕੌਸ਼ਿਲ, ਡਾ. ਸੁਨੀਤਾ ਰਾਣੀ ਅਤੇ ਡਾ. ਅਮਨਦੀਪ ਕੌਰ ਵਲੋਂ ਜਿੰਮੇਵਾਰੀ ਨਿਭਾਈ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਸ਼੍ਰੀ ਮਨੋਜ ਕੁਮਾਰ ਭੁਟੇਜਾ, ਡਿਪਟੀ ਜਨਰਲ ਮੈਨੇਜਰ, ਬੀਐਸਐਨਐਲ ਬਠਿੰਡਾ ਸਰਕਲ ਰਹੇ ਅਤੇ ਪ੍ਰੋ. (ਡਾ.) ਕਮਲਜ਼ੀਤ ਸਿੰਘ ਡਾਇਰੈਕਟਰ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ, ਸਾਬੋ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਯਾਦਵਿੰਦਰਾ ਡਿਪਾਰਟਮੈਂਟ ਆਫ ਇੰਜੀਨੀਅਰਿੰਗ ਦੇ ਮੁਖੀ ਪ੍ਰੋ. (ਡਾ.) ਸਿੰਪਲ ਜ਼ਿੰਦਲ ਨੇ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨਾਂ ਅਤੇ ਸਾਰੇ ਭਾਗੀਦਾਰ ਸਖਸ਼ੀਅਤਾਂ ਦਾ ਸਵਾਗਤ ਕੀਤਾ। ਇਸ ਮੌਕੇ 'ਤੇ ਭਾਰਤ ਦੇ ਪਹਿਲੇ ਇੰਜੀਨੀਅਰ, ਭਾਰਤ ਰਤਨ ਐਮ. ਵਿਸਵੇਸ਼ਵਰਾਇਆ ਦੇ ਜੀਵਨ ਅਤੇ ਯੋਗਦਾਨ ਤੇ ਕੇਂਦਰਿਤ ਤਕਨੀਕੀ ਸੈਮੀਨਾਰ ਮੁਕਾਬਲੇ, ਕੁਇਜ਼ ਕੰਪੀਟੀਸ਼ਨ, ਮਾਡਲ ਤੇ ਪ੍ਰੋਜੈਕਟ ਕੰਪੀਟੀਸ਼ਨ ਅਤੇ ਸਕਿੱਟ ਦਾ ਆਯੋਜਨ ਕਰਵਾਇਆ। ਸੈਮੀਨਾਰ ਮੁਕਾਬਲਿਆਂ ਵਿੱਚ ਅਰਸਪ੍ਰੀਤ ਕੌਰ ਬੈਸਟ ਪ੍ਰਜ਼ੈਂਟਰ ਅਤੇ ਅੰਸ਼ਪ੍ਰੀਤ ਕੌਰ ਬੈਸਟ ਪਾਵਰ ਪੁਆਇੰਟ ਮੇਕਰ ਵਜੋ ਚੁਣੀ ਗਈ। ਕੁਇਜ਼ ਕੰਪੀਟੀਸ਼ਨ ਦੌਰਾਨ ਅਰਮਾਨ ਸਿੰਘ, ਅਰਸ਼ਪ੍ਰੀਤ ਕੌਰ, ਰਿਸ਼ਵ ਜੈਨ ਅਤੇ ਅਮਨਦੀਪ ਕੌਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਖੁਸ਼ਮਨ, ਹਨੂ ਬਾਂਸਲ ਅਤੇ ਇੰਦਰਜੀਤ ਸਿੰਘ ਨੇ ਮਾਡਲ ਅਤੇ ਪ੍ਰੋਜੈਕਟ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕਿੱਟ ਦਾ ਆਯੋਜਨ ਬੀਂ ਟੈਕ ਵਿਦਿਆਰਥਣ ਸੁਕ੍ਰਿਤੀ ਦੇ ਨਿਰਦੇਸ਼ਣ ਹੇਠ ਹੋਇਆ। ਨਿਤਿਨ ਗਰਗ, ਚੇਤਨਾ ਅਤੇ ਜ਼ਸਮੀਤ ਸਿੰਘ, ਕੇਸਰ ਸਿੰਘ ਨੇ ਇਸ ਫੰਕਸ਼ਨ ਦੇ ਮੁੱਖ ਆਰਗੇਨਾਈਜ਼ਰ ਵਜੋਂ ਕਾਰਜ ਕੀਤਾ। ਸਟੇਜ ਦਾ ਸੰਚਾਲਨ ਡਾ. ਅਮਨਦੀਪ ਕੌਰ ਸਰਾਓ ਸਮੇਤ ਅਰਸ਼ਪ੍ਰੀਤ ਕੌਰ ਅਤੇ ਤਰੁਣਪ੍ਰੀਤ ਕੌਰ ਨੇ ਬਾਖੂਬੀ ਕੀਤਾ। ਆਖਰ ਵਿਚ ਕਨਵੀਨਰ ਪ੍ਰੋ. (ਡਾ.) ਜਗਤਾਰ ਸਿੰਘ ਨੇ ਵਿਦਿਆਰਥੀਆਂ ਦੀ ਪ੍ਰਾਪਤੀਆਂ ਦੀ ਸਰਾਹਨਾ ਕਰਦੇ ਹੋਏ ਸਭ ਦੇ ਸਾਰਥਕ ਯਤਨਾਂ ਦੇ ਫਲਸਰੂਪ ਪ੍ਰੋਗਰਾਮ ਸਫਲਤਾ ਸਹਿਤ ਨੇਪਰੇ ਚੜ੍ਹਨ ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਬੰਧਕਾਂ ਨੇ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਪੀਆਰਓ ਡਾ. ਲਖਬੀਰ ਸਿੰਘ ਨੂੰ ਵੀ ਸਨਮਾਨ ਚਿੰਨ ਭੇਂਟ ਕੀਤਾ।

## ਸੰਘ ਦੇ ਉੱਘੇ ਨੇਤਾ ਦੀਨ ਦਿਆਲ ਉਪਾਧਿਆਏ ਦੇ ਜਨਮ ਦਿਨ ਪਿੰਡ ਕਾਂਝਲਾ ਵਿਖੇ ਮਨਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )** ਭਾਰਤੀ ਜੰਨ ਸੰਘ ਦੇ ਉੱਘੇ ਨੇਤਾ ਦੀਨ ਦਿਆਲ ਉਪਾਧਿਆਏ ਦੇ ਜਨਮ ਦਿਨ ਪਿੰਡ ਕਾਂਝਲਾ ਵਿਖੇ ਮਨਾਇਆ ਗਿਆ ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਧਰਮਿੰਦਰਜੀਤ ਸਿੰਘ ਦੁੱਲਟ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਜਿਲ੍ਹਾ ਪ੍ਰਧਾਨ ਦੁੱਲਟ ਨੇ ਕਿਹਾ ਕਿ ਪੰਜਾਬ ਦੇ ਹਰ ਪਿੰਡ ਅਤੇ ਕਸਬੇ ਦੇ ਲੋਕ, ਖਾਸ ਕਰਕੇ ਔਰਤਾਂ, ਲੁੱਟਾਂ ਖੋਹਾਂ ਅਤੇ ਡਕੈਤੀਆਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੀਆਂ ਹਨ। ਇਸੇ ਤਰ੍ਹਾਂ ਗੈਂਗਸਟਰਾਂ ਤੇ ਜਬਰੀ ਵਸੂਲੀ ਦੀਆਂ ਕਾਲਾਂ ਆਉਣਾ ਸ਼ਹਿਰਾਂ ਦੇ ਕਾਰੋਬਾਰੀ ਭਾਈਚਾਰੇ ਲਈ ਇਕ ਨਵੀਂ ਆਮ ਗੱਲ ਬਣ ਗਈ ਹੈ। ਉਨ੍ਹਾਂ ਕਿਹਾ ਕਿ ਫਿਰ ਵੀ ਪੁਲਿਸ ਨੂੰ ਅਜਿਹੇ ਅਪਰਾਧਾਂ 'ਤੇ ਸਮੇਂ ਸਿਰ ਕਾਰਵਾਈ ਕਰਨ ਦੀ ਕੋਈ ਪਰਵਾਹ ਨਹੀਂ ਹੈ। ਕਿਸੇ ਸੂਬੇ ਦਾ ਗ੍ਰਹਿ ਮੰਤਰੀ ਕਾਨੂੰਨ ਵਿਵਸਥਾ ਦੀ ਸਥਿਤੀ ਬਣਾਈ ਰੱਖਣ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੁੰਦਾ ਹੈ। ਹਾਲਾਂਕਿ, ਪੰਜਾਬ ਵਿੱਚ ਮੁੱਖ ਮੰਤਰੀ-ਕਮ-ਗ੍ਰਹਿ ਮੰਤਰੀ ਅਸਫਲ ਰਹੇ ਹਨ। ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਨਸ਼ਿਆਂ ਦੀ ਦੁਰਵਰਤੋਂ, ਨਸ਼ਿਆਂ ਦੀ ਓਵਰਡੋਜ਼ ਕਾਰਨ ਹੋਈਆਂ ਮੌਤਾਂ ਅਤੇ ਨਸ਼ਾ ਤਸਕਰੀ ਦੇ ਮਾਮਲੇ ਵੱਧ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਭਾਜਪਾ ਦੇ ਬਲਾਕ ਪ੍ਰਧਾਨ ਬਸੰਤ ਕੁਮਾਰ ਕਾਂਝਲਾ ਹਾਜ਼ਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੋਤੀ ਜੋਤ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ

**ਜੋੜ ਮੇਲਾ ਭਾਈ ਬਹਿਲੋ ਪਿੰਡ ਫੇਫੜੇ ਭਾਈ ਕੇ (ਮਾਨਸਾ) ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 28 ਸਤੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।**

ਐਤਵਾਰ 29 ਸਤੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।



ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਨਿਹੰਗ ਸਿੰਘ ਰੁਪਾਲਾ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਤਲਵੰਡੀ ਸਾਬੋ ਕਾਂਗਰਸੀ ਆਗੂਆਂ ਨੇ ਡੱਬਵਾਲੀ ਹਲਕੇ 'ਚ

# ਅਮਿਤ ਸਿਹਾਗ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ





**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਦੇ ਸਿਆਸੀ ਆਗੂਆਂ ਵੱਲੋਂ ਵੀ ਹਰਿਆਣਾ ਵਿਧਾਨ ਸਭਾ 'ਚ ਜ਼ੋਰ ਸ਼ੋਰ ਨਾਲ ਹਿੱਸਾ ਲੈਣ ਦੇ ਚਲਦਿਆਂ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਤੇ ਚੋਣ ਲੜ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੀਆਂ ਟੀਮਾਂ ਵੱਲੋਂ ਵੀ ਜਿੱਥੇ ਪਿਛਲੇ ਦਿਨੀਂ ਜੰਮੂ ਕਸ਼ਮੀਰ 'ਚ ਬਸੌਹਲੀ ਹਲਕੇ ਤੋਂ ਸਾਬਕਾ ਮੰਤਰੀ ਚੌਧਰੀ ਲਾਲ ਸਿੰਘ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ ਗਿਆ ਸੀ ਉੱਥੇ ਹਰਿਆਣਾ ਦੇ ਹਲਕਾ ਡੱਬਵਾਲੀ ਚ ਕਾਂਗਰਸ ਦੇ ਉਮੀਦਵਾਰ ਅਮਿਤ ਸਿਹਾਗ ਦੇ ਹੱਕ ਵਿੱਚ ਪਿੰਡਾਂ 'ਚ ਨੁੱਕੜ ਮੀਟਿੰਗਾਂ ਅਤੇ ਹੋਰ ਸਾਧਨਾਂ ਰਾਹੀਂ ਚੋਣ ਪ੍ਰਚਾਰ ਕੀਤਾ ਜਾ ਰਿਹੈ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀਆਂ ਹਦਾਇਤਾਂ ਮੁਤਾਬਿਕ ਜੀਤਮਹਿੰਦਰ ਸਿੰਘ ਸਿੱਧੂ ਅਤੇ ਉਨਾਂ ਦੀਆਂ ਟੀਮਾਂ ਵੱਲੋਂ ਹਰਿਆਣਾ 'ਚ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਲੜੀ 'ਚ ਡੱਬਵਾਲੀ ਹਲਕੇ ਵਿੱਚ ਕਾਂਗਰਸੀ ਉਮੀਦਵਾਰ ਅਮਿਤ ਸਿਹਾਗ ਦੇ ਹੱਕ ਵਿੱਚ ਜਿੱਥੇ ਕਈ ਪਿੰਡਾਂ 'ਚ ਨੁੱਕੜ ਮੀਟਿੰਗਾਂ ਕੀਤੀਆਂ ਗਈਆਂ ਉੱਥੇ ਸਬ ਡਵੀਜ਼ਨ ਤਲਵੰਡੀ ਸਾਬੋ ਦੇ ਪਿੰਡਾਂ ਦੀਆਂ ਡੱਬਵਾਲੀ ਹਲਕੇ 'ਚ ਪੈਂਦੀਆਂ ਕਈ ਰਿਸ਼ਤੇਦਾਰੀਆਂ ਤੱਕ ਪਹੁੰਚ ਕਰਕੇ ਉਨਾਂ ਨੂੰ ਵੀ ਕਾਂਗਰਸ ਉਮੀਦਵਾਰ ਦੇ ਹੱਕ 'ਚ ਭੁਗਤਣ ਦੀ ਅਪੀਲ ਕੀਤੀ ਜਾਂਦੀ ਹੈ। ਚੋਣ ਪ੍ਰਚਾਰ ਵਿੱਚ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਸ਼ਿਪੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਜਸਪਾਲ ਸਿੰਘ ਪਾਲਾ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਬਲਵੰਤ ਸਿੰਘ ਲੇਲੇਵਾਲਾ, ਬਹਾਦੁਰ ਸਿੰਘ ਲੇਲੇਵਾਲਾ ਸਾਬਕਾ ਸਰਪੰਚ, ਗੁਰਵਿੰਦਰ ਸਿੰਘ ਦੁੱਨੇਵਾਲਾ, ਜੱਗਾ ਸਿੰਘ ਬੰਗੀ, ਦਰਸ਼ਨ ਗਿੱਲ, ਜਗਦੀਪ ਸਿੰਘ ਗੋਦਾਰਾ ਆਦਿ ਕਾਂਗਰਸੀ ਆਗੂਆਂ ਨੇ ਹਾਜਰੀਆਂ ਭਰੀਆਂ।

### ਸੀਬੀਐਸਈ ਕਲਸਟਰ ਦੀਆਂ ਖੇਡਾਂ ਵਿੱਚ ਸੈਂਟ ਸੋਲਜ਼ਰ ਸਕੂਲ ਦੇ ਵਿਦਿਆਰਥੀਆਂ ਵੱਲੋਂ

# ਸ਼ਾਨਦਾਰ ਪ੍ਰਦਰਸ਼ਨ ਦੋ ਟਰਾਫੀਆਂ ਤੇ ਕੀਤਾ ਕਬਜਾ





**ਜੰਡਿਆਲਾ ਗੁਰੂ, 26 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਸੀਬੀਐਸਈ ਵੱਲੋਂ ਕਰਵਾਈਆਂ ਗਈਆਂ ਕਲੱਸਟਰ ਖੇਡਾਂ ਵਿੱਚ ਸੈਂਟ ਸੋਲਜਰ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਦੁਹਰਾਉਂਦਿਆਂ ਟਰਾਫੀਆਂ ਤੇ ਕਬਜ਼ਾ ਕੀਤਾ ਸੀਬੀਐਸਈ ਦੀਆਂ ਕਲਸਟਰ ਖੇਡਾਂ ਵਿੱਚ ਕਬੱਡੀ ਈਵੈਂਟਸ ਦੀਆਂ ਲੜਕੀਆਂ ਦੀਆਂ ਖੇਡਾਂ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਜਲੰਧਰ ਵਿੱਚ ਹੋਈਆਂ। ਇਹਨਾਂ ਮੁਕਾਬਲਿਆਂ ਵਿੱਚ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੀ ਅੰਡਰ 19 ਕਬੱਡੀ ਕੁੜੀਆਂ ਦੀ ਟੀਮ ਨੇ ਸੈਕਿੰਡ ਰਨਰ ਅੱਪ ਟਰਾਫੀ ਤੇ ਕਬਜ਼ਾ ਕੀਤਾ ।ਇਸੇ ਤਰ੍ਹਾਂ ਮੁੰਡਿਆਂ ਦੀ ਕਬੱਡੀ ਦੇ ਈਵੈਂਟਸ ਸੰਤ ਕਬੀਰ ਗੁਰੂਕੁਲ ਸਕੂਲ ਫਾਜ਼ਿਲਕਾ ਵਿਖੇ ਹੋਏ। ਇਹਨਾਂ ਮੁਕਾਬਲਿਆਂ ਵਿੱਚ ਮੁੰਡਿਆਂ ਦੀ ਅੰਡਰ 19 ਕਬੱਡੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਸਟ ਰਨਰਪ ਟਰਾਫੀ ਤੇ ਕਬਜ਼ਾ ਕੀਤਾ। ਇਹਨਾਂ ਸਾਰੇ ਈਵੈਂਟਸ ਦੇ ਵਿੱਚ ਲਗਭਗ 25 ਸੀਬੀਐਸਈ ਸਕੂਲ ਨੇ ਭਾਗ ਲਿਆ। ਇਹ ਸਕੂਲ ਲਈ ਅਤੇ ਇਲਾਕੇ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਸਾਰੇ ਹੀ ਸਕੂਲਾਂ ਵਿੱਚੋਂ ਸੈਂਟ ਸੋਲਜਰ ਸਕੂਲ ਦੇ ਖਿਡਾਰੀ ਦਵਿੰਦਰ ਸਿੰਘ ਨੂੰ ਬੈਸਟ ਸਟੋਪਰ ਦੀ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ ।ਇਸੇ ਤਰ੍ਹਾਂ ਸੀਬੀਐਸਈ ਦੀਆਂ ਕਲਸਟਰ ਦੀਆਂ ਅਥਲੈਟਿਕਸ ਖੇਡਾਂ ਵਿੱਚ ਵੀ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਇਹਨਾਂ ਖੇਡਾਂ ਵਿੱਚ ਪਰਨੀਤ ਕੌਰ ਨੇ ਅੰਡਰ 17 ਵਿੱਚ1500 ਮੀਟਰ ਰੇਸ ਵਿੱਚ ਗੋਲਡ ਮੈਡਲ ਹਾਸਲ ਕੀਤਾ ਅਤੇ ਰਿਪਨ ਜੋਤ ਕੌਰ ਅੰਡਰ 19 ਜੈਵਲਿਨ ਥਰੋ ਵਿੱਚ ਬਰੋਜ ਮੈਡਲ ਹਾਸਲ ਕੀਤਾ ਅਤੇ ਸਹਿਜ ਪ੍ਰੀਤ ਕੌਰ ਅੰਡਰ 19 ਵਿੱਚ ਸਿਲਵਰ ਮੈਡਲ ਹਾਸਲ ਕੀਤਾ ਸਕੂਲ ਪਹੁੰਚਣ ਤੇ ਇਹਨਾਂ ਸਾਰੇ ਖਿਡਾਰੀਆਂ ਦਾ ਅਤੇ ਖਿਡਾਰੀਆਂ ਦੇ ਕੋਚ ਮੈਡਮ ਮਨਪ੍ਰੀਤ ਕੌਰ ਡੀਪੀ ਦਾ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਓਹਨਾ ਨੂ ਵਧਾਈ ਅਤੇ ਸ਼ਾਬਾਸ਼ੀ ਦਿੱਤੀ ਅਤੇ ਅੱਗੇ ਤੋਂ ਹੋਰ ਜਿਆਦਾ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨਿਲਾਕਸੀ ਗੁਪਤਾ ਕੋਆਰਡੀਨੇਟਰ ਪ੍ਰਿੰਕਾ ਸ਼ਰਮਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਮਜਿਸਟਰੇਟ ਵੱਲੋਂ ਅਸਲਾ ਧਾਰਕਾਂ ਨੂੰ ਅਸਲਾ ਜਮ੍ਹਾਂ ਕਰਾਉਣ ਦੇ ਹੁਕਮ



**ਜੰਡਿਆਲਾ ਗੁਰੂ, 26 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਡਿਪਟੀ ਕਮਿਸ਼ਨਰ-ਕਮ-ਜਿਲਾ ਮਜਿਸਟਰੇਟ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਆ ਰਹੀਆਂ ਪੰਚਾਇਤ ਚੋਣਾਂ ਦੇ ਮੱਦੇ ਨਜ਼ਰ ਜ਼ਿਲੇ ਦੇ ਸਾਰੇ ਲਾਇਸੈਂਸੀ ਅਸਲਾ ਧਾਰਕ ਨੂੰ ਹਦਾਇਤ ਕੀਤੀ ਹੈ ਕਿ ਉਹ ਪੰਚਾਇਤ ਚੋਣਾਂ ਦੇ ਮੱਦੇ ਨਜ਼ਰ ਆਪਣਾ ਅਸਲਾ ਪੁਲਿਸ ਥਾਣੇ ਜਾਂ ਅਸਲਾ ਡੀਲਰ ਕੋਲ 29 ਸਤੰਬਰ 2024 ਤੱਕ ਜਮਾ ਕਰਵਾਉਣ। ਉਹਨਾਂ ਜਾਰੀ ਕੀਤੇ ਹੁਕਮਾਂ ਵਿੱਚ ਕਿਹਾ ਕਿ ਰਜ ਚੋਣ ਕਮਿਸ਼ਨ, ਪੰਜਾਬ ਵੱਲੋਂ ਆਮ ਪੰਚਾਇਤੀ ਚੋਣਾਂ, 2024 ਦੇ ਮਦੇਜਨਰ ਪੰਜਾਬ ਵਿੱਚ ਆਦਰਸ਼ ਚੋਣ ਜਾਬਤਾ ਲਾਗੂ ਕਰਦੇ ਹੋਏ ਚੋਣਾਂ ਦਾ ਸਡਿਊਲ ਜਾਰੀ ਕੀਤਾ ਗਿਆ ਹੈ , ਜਿਸਦੇ ਤਹਿਤ ਪੰਜਾਬ ਭਰ ਵਿੱਚ ਪੰਚਾਇਤ ਚੋਣਾਂ 15 ਅਕਤੂਬਰ 2024 ਨੂੰ ਹੋਣੀਆਂ ਹਨ ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹੇ ਵਿੱਚ ਅਮਨ ਕਾਨੂੰਨ ਦੀ ਵਿਵਸਥਾ, ਲੋਕ ਹਿੱਤ, ਸ਼ਾਂਤੀ ਬਣਾਈ ਰੱਖਣ ਅਤੇ ਹੋਣ ਵਾਲੀਆਂ ਚੋਣਾਂ ਨੂੰ ਸੁਚੱਜੇ/ਸ਼ਾਤਮਈ ਢੰਗ ਨਾਲ ਨੇਪੜੇ ਚਾੜ੍ਹਣ ਲਈ ਜਿਲ੍ਹਾ ਵਿੱਚ ਅਸਲਾ ਧਾਰਕਾਂ ਪਾਸੋਂ ਉਹਨਾਂ ਦੇ ਅਸਲੇ ਨੂੰ ਜਮ੍ਹਾਂ ਕਰਵਾਉਣਾ ਅਤੀ ਜਰੂਰੀ ਹੈ ਤਾਂ ਜੋ ਕਿਸ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ ਉਕਤ ਹਵਾਲੇ ਵਿੱਚ ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ ਨੇ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਹੁਕਮ ਜਾਰੀ ਕੀਤਾ ਹੈ ਕਿ ਜਿਲ੍ਹਾ ਅੰਮ੍ਰਿਤਸਰ ਦੇ ਲਾਇਸੰਸੀ ਅਸਲਾ-ਧਾਰਕ ਆਪਣਾ ਅਸਲਾ ਲੋਕਲ ਪੁਲਿਸ ਥਾਣੇ ਵਿੱਚ ਜਾਂ ਲਾਇਸੰਸੀ ਅਸਲਾ ਡੀਲਰਾਂ ਪਾਸ 29 ਸਤੰਬਰ 2024 ਨੂੰ ਸ਼ਾਮ 5:00 ਵਜੇ ਤੱਕ ਹਰ ਹਾਲਤ ਵਿੱਚ ਜਮ੍ਹਾ ਕਰਵਾਉਣਗੇ। ਇਹ ਹੁਕਮ ਅੱਜ ਮਿਤੀ 25/09/2024 ਤੋਂ ਲੈ ਕੇ ਆਦਰਸ ਚੋਣ ਜਾਬਤਾ ਖਤਮ ਹੋਣ ਤੱਕ ਲਾਗੂ ਰਹੇਗਾ।

## ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੁਆਰਾ ਕੰਧ ਪੱਤ੍ਰਿਕਾ 'ਆਗ਼ਾਜ਼' ਦੇ 21ਵੇਂ ਅੰਕ ਦਾ ਪ੍ਰਕਾਸ਼ਨ



**ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੁਆਰਾ ਵਿਦਿਆਰਥੀਆਂ ਨੂੰ ਸਾਹਿਤਕ ਰੁਚੀਆਂ ਵੱਲ ਪ੍ਰੇਰਿਤ ਕਰਨ ਹਿੱਤ ਸਮੇਂ-ਸਮੇਂ ਸਿਰ ਵੱਖ ਵੱਖ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਜਿਵੇਂ ਸੈਮੀਨਾਰ, ਵਿਸ਼ੇਸ਼ ਲੈਕਚਰ, ਵੱਖ-ਵੱਖ ਵਿਸ਼ਿਆਂ ਉੱਤੇ ਵਰਕਸ਼ਾਪ, ਕਵਿਤਾ ਉਚਾਰਣ ਆਦਿ ਨਾਲ ਜੋੜਿਆ ਜਾਂਦਾ ਰਿਹਾ ਹੈ। ਇਸ ਸੰਦਰਭ ਵਿਚ ਕੰਧ ਪੱਤ੍ਰਿਕਾ 'ਆਗ਼ਾਜ਼' ਦਾ ਪ੍ਰਕਾਸ਼ਨ ਇਕ ਅਹਿਮ ਉਪਰਾਲਾ ਹੈ। 24 ਸਤੰਬਰ ਨੂੰ ਕੰਧ ਪੱਤ੍ਰਿਕਾ 'ਆਗ਼ਾਜ਼' ਦੇ 21ਵੇਂ ਅੰਕ ਦਾ ਪ੍ਰਕਾਸ਼ਨ ਕੀਤਾ ਗਿਆ, ਜਿਸ ਦਾ ਉਦਘਾਟਨ ਪੰਜਾਬੀ ਵਿਭਾਗ ਦੇ ਮੁਖੀ ਡਾ. ਸੰਦੀਪ ਸਿੰਘ ਨੇ ਕੀਤਾ। ਕੰਧ ਪੱਤ੍ਰਿਕਾ ਦੇ ਸੰਪਾਦਕ ਡਾ. ਰਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਵੱਡੀ ਮਾਤਰਾ ਵਿਚ ਰਚਨਾਵਾਂ ਪ੍ਰਾਪਤ ਹੋਈਆਂ, ਜਿਹਨਾਂ ਵਿਚੋਂ ਇਸ ਅੰਕ ਵਿਚ ਚੋਣਵੀਆਂ 9 ਰਚਨਾਵਾਂ ਨੂੰ ਪ੍ਰਕਾਸ਼ਿਤ ਕੀਤਾ ਗਿਆ ਹੈ। ਇਸ ਅੰਕ ਵਿਚ ਵਿਦਿਆਰਥੀ ਲੇਖਕ ਬੜੇ ਹੀ ਸੰਵੇਦਨਸ਼ੀਲ ਵਿਸ਼ਿਆਂ ਜਿਵੇਂ ਮਾਂ, ਦੋਸਤੀ ਅਤੇ ਰਿਸ਼ਤੇ ਆਦਿ ਨੂੰ ਮੁਖ਼ਾਤਿਬ ਹੋਏ ਹਨ। ਇਸ ਅੰਕ ਵਿਚ ਵਿਸ਼ੇਸ਼ ਤੌਰ 'ਤੇ ਕਵਿਤਾਵਾਂ ਦਾ ਪ੍ਰਕਾਸ਼ਨ ਹੀ ਕੀਤਾ ਗਿਆ ਅਤੇ ਅੰਕ ਨੂੰ ਸੁਹਜਾਤਮਕ ਢੰਗ ਨਾਲ ਤਿਅਰ ਕਰਕੇ ਪ੍ਰਕਾਸ਼ਿਤ ਕਰਨ ਦਾ ਕੰਮ ਐਮ ਏ ਭਾਗ ਦੂਜਾ ਦੇ ਵਿਦਿਆਰਥੀਆਂ ਨੇ ਕੀਤਾ। ਵਿਭਾਗ ਮੁਖੀ ਡਾ. ਸੰਦੀਪ ਸਿੰਘ ਨੇ ਵਿਦਿਆਰਥੀਆਂ ਦੀ ਰਚਨਾਵਾਂ ਪੜ੍ਹਕੇ ਉਹਨਾਂ ਦੀ ਸ਼ਲਾਘਾ ਕੀਤੀ ਅਤੇ ਲੇਖਣ ਕਲਾ ਨਿਖਾਰਨ ਲਈ ਕੁਝ ਸਾਹਿਤਕ ਨੁਕਤੇ ਵੀ ਸਾਂਝੇ ਕੀਤੇ।

## ਬਾਬਾ ਸ੍ਰੀ ਚੰਦ ਦਾ ਜਨਮ ਦਿਹਾੜਾ ਪਿੰਡ ਕਲੇਰਾਂ ਵਿਖੇ 30 ਸਤੰਬਰ ਨੂੰ : ਬਾਬਾ ਜਗਜੀਤ ਸਿੰਘ ਕਲੇਰਾਂ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਧੰਨ ਧੰਨ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਲਾਨਾ ਜੋੜ ਮੇਲਾ ਅਤੇ ਮਹਾਨ ਗੁਰਮਤਿ ਸਮਾਗਮ 30 ਸਤੰਬਰ 2024 ਦਿਨ ਸੋਮਵਾਰ ਨੂੰ ਤਪ ਅਸਥਾਨ ਸ੍ਰੀ ਭੋਰਾ ਸਾਹਿਬ ਪਿੰਡ ਕਲੇਰਾਂ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਇਲਾਕੇ ਦੀ ਧਾਰਮਿਕ ਸ਼ਖਸੀਅਤ ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਭੋਰਾ ਸਾਹਿਬ ਵਾਲਿਆਂ ਨੇ ਦੱਸਿਆ ਕਿ ਇਹ ਸਲਾਨਾ ਜੋੜ ਮੇਲੇ ਨੂੰ ਲੈ ਕੇ ਇਲਾਕੇ ਦੇ ਵੱਖ ਵੱਖ ਪਿੰਡਾਂ ਦੀਆਂ ਧਾਰਮਿਕ ਸੰਸਥਾਵਾਂ, ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਪਿੰਡ ਵਾਸੀਆਂ ਨੂੰ ਸੱਦਾ ਪੱਤਰ ਪੈਦਲ ਚੱਲ ਕੇ ਹੀ ਦਿੱਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਇਸ ਸਮਾਗਮ ਵਿੱਚ ਜਿੱਥੇ ਇਲਾਕੇ ਦੀਆਂ ਮਹਾਨ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ, ਉਥੇ ਸੰਤ ਮਹਾਂਪੁਰਸ਼ ਅਤੇ ਰਾਗੀ ਜਥੇ ਵੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਪੂਰਾ ਜੋਰਾਂ ਸੋਰਾਂ ਨਾਲ ਚੱਲ ਰਹੀਆਂ ਹਨ। ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਨੇ ਸਮੁੱਚੀਆਂ ਸੰਗਤਾਂ ਨੂੰ ਇਸ ਸਲਾਨਾ ਜੋੜ ਮੇਲੇ ਵਿੱਚ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ੴ ਵਾਹਿਗੁਰੂ ਜੀ ਕੀ ਫ਼ਤਹ ॥

## ਗੁ: ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਵਿਖੇ

## ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤ ਦਿਵਸ ਨੂੰ ਸਮਰਪਿਤ



ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ)

# ਗੁਰਮਤਿ ਸਮਾਗਮ

੧੨ ਅੱਸੂ, ਸੰਮਤ ਨਾਨਕਸ਼ਾਹੀ ੫੫੬

**27 ਸਤੰਬਰ, 2024**



ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ (ਗੁਰਦਾਸਪੁਰ)

## ਦਿਨ ਸ਼ੁੱਕਰਵਾਰ ਨੂੰ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਗੁਰੂ ਖ਼ਾਲਸਾ ਜੀਓ !

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤਿ ਸਮਾਉਣ ਉਪਰੰਤ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਵਿਖੇ ਗੁਰੂ ਜੀ ਦੇ ਯਾਦਗਾਰੀ ਅਸਥਾਨ ਨੂੰ ਜਦੋਂ ਰਾਵੀ ਦਰਿਆ ਦੇ ਪਾਣੀ ਨੇ ਢਾਹ ਲਾਉਣੀ ਸ਼ੁਰੂ ਕੀਤੀ ਤਾਂ ਬਾਬਾ ਸ੍ਰੀ ਚੰਦ ਜੀ ਨੇ ਰਾਵੀ ਦਰਿਆ ਦੇ ਚੜ੍ਹਦੇ ਪਾਸੇ ਖੂਹ ਦੇ ਨਜ਼ਦੀਕ, ਜਿਸ ਥੜ੍ਹੇ 'ਤੇ ਗੁਰੂ ਜੀ ਆਣ ਬਿਰਾਜੇ ਸਨ, ਉੱਪਰ ਇੱਕ ਦੇਹੁਰਾ (ਯਾਦਗਾਰੀ ਅਸਥਾਨ) ਬਣਾਇਆ ਅਤੇ ਇਸ ਦਾ ਨਾਮ 'ਦੇਹੁਰਾ ਬਾਬਾ ਨਾਨਕ' ਰੱਖਿਆ ਜੋ ਸਮਾਂ ਪਾ ਕੇ "ਡੇਹਰਾ ਬਾਬਾ ਨਾਨਕ" ਨਾਮ ਨਾਲ ਪ੍ਰਚਲਿਤ ਹੋਇਆ। ਇਸ ਪਾਵਨ ਅਸਥਾਨ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਹੇਠ ਲਿਖੇ ਅਨੁਸਾਰ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ।

## ਪ੍ਰੋਗਰਾਮ

**ਸ੍ਰੀ ਅਖੰਡ ਪਾਠ ਸਾਹਿਬ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ :- ਮਿਤੀ 25 ਸਤੰਬਰ 2024 (ਬੁੱਧਵਾਰ) ਨੂੰ ਸਵੇਰੇ 11 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ :- ਮਿਤੀ 27 ਸਤੰਬਰ 2024 (ਸ਼ੁੱਕਰਵਾਰ) ਨੂੰ ਸਵੇਰੇ 9:30 ਵਜੇ

**ਧਾਰਮਿਕ ਦੀਵਾਨ**

ਮਿਤੀ 27 ਸਤੰਬਰ 2024 (ਸ਼ੁੱਕਰਵਾਰ) ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਣਗੇ ਜਿਸ ਵਿੱਚ ਹੇਠ ਲਿਖੇ ਅਨੁਸਾਰ ਪੰਥ ਪ੍ਰਸਿੱਧ ਸ਼ਖ਼ਸੀਅਤਾਂ, ਰਾਗੀ, ਢਾਡੀ, ਕਵੀਸ਼ਰੀ ਜਥੇ ਤੇ ਪ੍ਰਚਾਰਕ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ।

- ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ *(ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ*
- ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਜੀ *(ਗ੍ਰੰਥੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ)*
- ਭਾਈ ਜਬਰਤੋੜ ਸਿੰਘ ਜੀ *(ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ)*
- ਭਾਈ ਆਗਿਆਕਾਰ ਸਿੰਘ ਜੀ *(ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ)*
- ਭਾਈ ਵਰਿਆਮ ਸਿੰਘ ਜੀ ਗੁਰਦਾਸਪੁਰ *(ਹੈੱਡ ਪ੍ਰਚਾਰਕ, ਸ਼੍ਰੋ. ਗੁ. ਪ੍ਰ. ਕਮੇਟੀ ਗੁਰਦਾਸਪੁਰ)*
- ਗਿਆਨੀ ਜਸਵਿੰਦਰ ਸਿੰਘ ਜੀ ਸਹੂਰ *(ਕਥਾਵਾਚਕ)*
- ਭਾਈ ਜਸਵਿੰਦਰ ਸਿੰਘ ਜੀ *(ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ)*
- ਭਾਈ ਗੁਰਮੀਤ ਸਿੰਘ ਜੀ *(ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ)*

ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**ਵਿਸ਼ੇਸ਼ ਸਹਿਯੋਗੀ** ਬਾਬਾ ਸੇਵਾ ਸਿੰਘ ਜੀ ਕਾਰ-ਸੇਵਾ ਵਾਲੇ (ਖਡੂਰ ਸਾਹਿਬ)

**ਸਹਿਯੋਗੀ**
- ਸੁਖਮਨੀ ਸਾਹਿਬ ਸੁਸਾਇਟੀ (ਡੇਰਾ ਬਾਬਾ ਨਾਨਕ)
- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਟੱਡੀ ਸਰਕਲ (ਡੇਰਾ ਬਾਬਾ ਨਾਨਕ)

ਸਟੇਜ ਦੀ ਸੇਵਾ
ਭਾਈ ਜਗਦੀਪ ਸਿੰਘ ਪ੍ਰਚਾਰਕ ਨਿਭਾਉਣਗੇ




ਐਡਵੋਕੇਟ ਹਰਜਿੰਦਰ ਸਿੰਘ ਜੀ
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਐਡਵੋਕੇਟ ਹਰਜਿੰਦਰ ਸਿੰਘ ਜੀ ਪ੍ਰਧਾਨ ਸ਼੍ਰੋਮਣੀ ਗੁ. ਪ੍ਰ. ਕਮੇਟੀ ਅਤੇ ਸਮੂਹ ਮੈਂਬਰ ਸਾਹਿਬਾਨ ਜਾਇਦਾਦ ਸਬ-ਕਮੇਟੀ ਵਿਸ਼ੇਸ਼ ਤੌਰ 'ਤੇ ਸੰਗਤਾਂ ਦੇ ਦਰਸ਼ਨ ਕਰਨ ਲਈ ਪੁੱਜੇ ਰਹੇ ਹਨ।

ਗੁਰੂ ਪੰਥ ਦਾ ਦਾਸ ਮੈਨੇਜਰ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ। ਮੋ. 84370-08045

### ਸ੍ਰ ਹਰਭਜਨ ਸਿੰਘ ਧਰਮੀ ਫੌਜੀ ਸੈਦਪੁਰ ਦੇ ਸ਼ਰਧਾਂਜਲੀ ਸਮਾਗਮ 'ਤੇ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਰੀ ਗਈ ਹਾਜਰੀ











(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਪਿੰਡ ਸੈਦਪੁਰ ਤੋਂ ਸ੍ਰ ਹਰਭਜਨ ਸਿੰਘ ਧਰਮੀ ਫੌਜੀ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਨਮਿਤ ਸ਼ਰਧਾਂਜਲੀ ਸਮਾਗਮ ਤੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜਰੀ ਭਰੀ ਗਈ।ਵੱਖ ਵੱਖ ਰਾਜਨੀਤਿਕ ਅਤੇ ਧਾਰਮਿਕ ਜਥੇਬੰਦੀਆ ਨੇ ਪਹੁੰਚ ਕੇ ਸ੍ਰ ਹਰਭਜਨ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਭਾਈ ਦਲੀਪ ਸਿੰਘ ਜੀ ਚੱਕਰ ਆਲ ਇੰਡੀਆ ਕਨਵੀਨਰ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਇਹਨਾਂ ਵੱਲੋਂ ਭਾਈ ਗੁਰਬੇਜ ਸਿੰਘ ਜੀ ਭੈਣੀ ਮਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਸਪੁੱਤਰ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਪ੍ਰਧਾਨ ਅਸਟਰੀਆ ਯੂਰਪ ਇੰਟਰਨੈਸ਼ਨਲ ਪੰਥਕ ਦਲ, ਭਾਈ ਗੁਰਸ਼ਰਨ ਸਿੰਘ ਵਾੜਾ ਸ਼ੇਰ ਸਿੰਘ, ਸ੍ਰ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਪ੍ਰੈਸ ਸਕੱਤਰ ਤਰਨਤਾਰਨ ਹੁਰਾਂ ਨੇ ਹਾਜਰੀ ਭਰੀ ਅਤੇ ਜਥੇਬੰਦੀ ਵੱਲੋਂ ਸ੍ਰ ਹਰਭਜਨ ਸਿੰਘ ਜੀ ਦੇ ਸਪੁੱਤਰ ਸ੍ਰ ਅੰਗਰੇਜ਼ ਸਿੰਘ ਜੀ ਨੂੰ ਸਿਰਪਾਓ ਦਿੱਤਾ ਗਿਆ।ਇਸ ਮੌਕੇ ਨਗਰਾਂ ਦੇ ਸਰਪੰਚ ਪੰਚ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ ਜੋਤ ਗੁਰਪੁਰਬ 27 ਸਤੰਬਰ ਨੂੰ ਮਨਾਇਆ ਜਾਵੇਗਾ







**ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਮਾਈ ਰਾਮ ਦੇਵੀ ਜੀ ਪ੍ਰਬੰਧਕ ਕਮੇਟੀ ਵੱਲੋਂ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜੋਤੀ—ਜੋਤ ਗੁਰਪੂਰਬ 27 ਸਤੰਬਰ ਦਿਨ ਸ਼ੁਕਰਵਾਰ ਨੂੰ ਮਨਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੇ ਸਬੰਧ ਵਿਚ ਅੱਜ ਸਰਦਾਰ ਸ਼ਿੰਗਾਰਾ ਸਿੰਘ ਦੇ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਜਿਸ ਦੇ ਭੋਗ 27 ਸਤੰਬਰ ਸਵੇਰੇ 9:15 ਵਜੇ ਪਾਏ ਜਾਣਗੇ ਉਪਰੰਤ ਭਾਈ ਅਵਤਾਰ ਸਿੰਘ ਫੌਜੀ, ਬੀਬੀ ਕੁਲਤਾਰ ਕੌਰ, ਬੀਬੀ ਅਰਸ਼ਦੀਪ ਕੌਰ ਅਤੇ ਹੋਰ ਬੀਬੀਆਂ ਦਾ ਜੱਥਾ ਕੀਰਤਨ ਵਿੱਚ ਹਾਜ਼ਰੀ ਭਰਨਗੇ।ਉਨ੍ਹਾਂ ਦੱਸਿਆ ਕਿ ਇਸ ਤੋਂ ਉਪਰੰਤ ਭਾਈ ਕਰਨੈਲ ਸਿੰਘ ਫਿਰੋਜ਼ਪੁਰ ਵਾਲੇ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਗੁਰਬਾਣੀ ਵਿਚਾਰ ਅਤੇ ਕਥਾ ਵਿਚਾਰ ਨਾਲ ਜੋੜਨਗੇ ਸਾਰੀ ਸਮਾਪਤੀ ਤਕਰੀਬਨ 12 ਵਜੇ ਹੋਵੇਗੀ, ਜਿਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਗੱਲਬਾਤ ਕਰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਨੇ ਦੱਸਿਆ ਕਿ ਗੁਰੂ ਸਾਹਿਬ ਜੀ ਦੇ ਜ਼ੋਤੀ—ਜ਼ੋਤ ਦਿਵਸ ਨੂੰ ਸਮਰਪਿਤ ਹੋਣ ਵਾਲੇ ਸਮਾਗਮਾਂ ਨੂੰ ਲੈ ਕੇ ਸੰਗਤਾਂ ਵਿਚ ਕਾਫੀ ਉਤਸ਼ਾਹ ਹੈ ਅਤੇ ਇਨ੍ਹਾਂ ਸਮਾਗਮਾਂ ਵਿਚ ਆਈ ਸੰਗਤ ਨੂੰ ਗੁਰੂ ਅਤੇ ਗੁਰਬਾਣੀ ਨਾਲ ਜ਼ੋੜਿਆ ਜਾਵੇਗਾ। ਇਸ ਮੌਕੇ ਪ੍ਰਧਾਨ ਹਰਜੀਤ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ ਭੱਲਾ, ਸੀਨੀਅਰ ਮੀਤ ਪ੍ਰਧਾਨ ਪ੍ਰਸ਼ਿਵੰਦਰ ਸਿੰਘ, ਖਜਾਨਚੀ ਸਰਬਜੀਤ ਸਿੰਘ, ਸਕੱਤਰ ਬੀਬੀ ਜਸਵੰਤ ਕੌਰ, ਨਰਿੰਦਰ ਪਾਲ ਵਧਵਾ, ਮਾਸਟਰ ਦਵਿੰਦਰ ਸਿੰਘ, ਤੇਜਿੰਦਰ ਸਿੰਘ, ਭਾਈ ਅਵਤਾਰ ਸਿੰਘ ਫੌਜੀ, ਰਵਿੰਦਰ ਸਿੰਘ, ਸਿਮਰਨਜੀਤ ਸਿੰਘ, ਜਸਬੀਰ ਸਿੰਘ ਅਤੇ ਹੋਰ ਵੀ ਮੈਂਬਰ ਸਾਹਿਬਾਨ ਹਾਜ਼ਰ ਸਨ। ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਸਰਦਾਰ ਸੁੰਦਰ ਸਿੰਘ ਲਾਲ ਸਿੰਘ ਪਾਪੜਾਂ ਵਾਲੇ, ਅਜੀਤ ਸਿੰਘ ਦਾ ਜਥੇਦਾਰ ਕੁਲਵੰਤ ਸਿੰਘ ਵੱਲੋਂ ਤਿਆਰ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਫਰਜ਼ ਅਦਾ ਕਰਨ ਵਾਲੀਆਂ ਕੌਮਾਂ ਨੂੰ ਹੱਕ ਖੁਦ-ਬ-ਖੁਦ ਮਿਲ ਜਾਂਦੇ ਹਨ : ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :—**ਅੱਜ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਖੁਸ਼ਹਾਲ ਸਿੰਘ ਵਾਲਾ ਵਿਖੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸਰਬਪੱਖੀ ਵਿਕਾਸ ਬੱਚਿਆਂ, ਟੀਚਰਾਂ ਅਤੇ ਮਾਪਿਆਂ ਦੇ ਸਹਿਯੋਗ ਨਾਲ ਲਗਾਏ ਗਏ ਸੈਮੀਨਾਰ ਵਿਚ ਸ੍ਰੀ ਪੀ.ਸੀ ਕੁਮਾਰ ਮੁੱਖ ਸਮਾਜ ਸੇਵਕ ਸੀਨੀਅਰ ਸਿਟੀਜਨ ਸਮਾਜ ਸੁਧਾਰਕ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਆਪਣੇ ਸਾਥੀਆਂ ਸਮੇਤ ਪਹੁੰਚੇ, ਜਿਨ੍ਹਾਂ ਨੇ ਪਹਿਲਾਂ ਦੀ ਤਰ੍ਹਾਂ ਅੱਜ ਵੀ ਬੱਚਿਆਂ ਨੂੰ ਮਾਪਿਆਂ, ਟੀਚਰਾਂ ਪ੍ਰਤੀ ਆਪਣੇ ਫਰਜ਼ ਅਦਾ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਰੀਰਕ, ਮਾਨਸਿਕ, ਸਮਾਜਿਕ ਦੇਸ਼ ਪ੍ਰਤੀ ਫਰਜਾਂ ਬਾਰੇ ਜਾਗਰੂਕ ਕਰਦੇ ਹੋਏ ਇਸ ਗੱਲ ਤੇ ਜ਼ੋਰ ਦਿੱਤਾ ਕਿ ਜੇ ਅਸੀਂ ਘਰ ਵਿਚ, ਸਕੂਲ, ਸਮਾਜ, ਦੇਸ਼, ਦੁਨੀਆਂ ਵਿਚ ਚੰਗੇ ਨਾਗਰਿਕ ਬਣਨਾ ਚਾਹੁੰਦੇ ਹਾਂ ਤਾਂ ਸਾਨੂੰ ਆਪਣੇ ਫਰਜ਼ਾਂ ਵਿਚ ਜਾਗਰੂਕ ਹੋਣਾ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇ ਅਸੀਂ ਫਰਜ਼ ਅਦਾ ਕਰਦੇ ਹਾਂ ਤਾਂ ਹੱਕ ਆਪਣੇ—ਆਪ ਮਿਲ ਜਾਂਦੇ ਹਨ, ਜਿਹੜੀਆਂ ਕੌਮਾਂ ਅੱਜ ਤੱਕ ਅੱਗੇ ਵਧੀਆ ਹਨ ਜਾਂ ਕੁਝ ਕਰ ਵਿਖਾਇਆ ਹੈ, ਉਹ ਹੀ ਹਨ ਜੋ ਫਰਜ਼ ਨੂੰ ਹੱਕਾਂ ਨਾਲੋਂ ਪਹਿਲ ਦਿੰਦੇ ਹਨ। ਅਖੀਰ ਵਿਚ ਹੈਡ ਟੀਚਰ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਇਨ੍ਹਾਂ ਵਿਚਾਰਾਂ ਨੂੰ ਘਰ—ਘਰ ਪਹੁੰਚਾਉਣ ਲਈ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਨਿਰਮਲ ਸਿੰਘ ਆਰਿਫਕੇ ਨੇ ਹਰ ਰੋਜ਼ ਸੰਗਤਾਂ ਨੂੰ ਨਾਮ ਨਾਲ ਜ਼ੋੜ ਰਹੇ ਹਨ ਨਾਲ ਜੁੜੋ : ਬਾਬਾ ਨਿਰਮਲ ਸਿੰਘ ਆਰਿਫਕੇ



ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਇਸ ਭਿਆਨਕ ਕਲਯੁੱਗ ਵਿਚ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ, ਕਿਉਂਕਿ ਕਲਯੁੱਗ ਸ਼ੈਤਾਨ ਮਨੁੱਖ ਨੂੰ ਪੈਰ—ਪੈਰ ਤੇ ਭੜਕਾਉਂਦਾ ਹੈ ਅਤੇ ਹਮੇਸ਼ਾ ਮਨ ਨੂੰ ਗਲਤ ਪਾਸੇ ਲਾਉਂਦਾ ਹੈ ਅਤੇ ਮਨੁੱਖ ਨੂੰ ਕਾਮ, ਕਰੋਧ, ਮੋਹ, ਲੋਭ, ਹੰਕਾਰ ਵਿਚ ਫਸ ਕੇ ਆਪਣਾ ਜੀਵਨ ਵਿਅਰਥ ਗੁਆ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਾਬਾ ਨਿਰਮਲ ਸਿੰਘ ਆਰਿਫਕੇ ਨੇ ਆਪਣੇ ਘਰ ਵਿਚ ਹੀ ਸਪੀਕਰ ਲਾ ਕੇ ਹਰ ਰੋਜ਼ ਪਿੰਡ ਵਾਸੀਆਂ ਨੂੰ ਸਵੇਰੇ ਸ਼ਾਮ ਨਾਮ ਸ਼ਬਦ ਨਾਲ ਜ਼ੋੜ ਰਹੇ ਹਨ ਅਤੇ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਦਾ ਨਾਮ ਜਪਾ ਰਹੇ ਹਨ। ਬਾਬਾ ਨਿਰਮਲ ਸਿੰਘ ਆਰਿਫਕੇ ਨੇ ਕਿਹਾ ਕਿ ਅੱਜ ਮਨੁੱਖ ਰਾਤ—ਦਿਨ ਮਾਇਆ ਇਕੱਠੀ ਕਰਨ ਵਿਚ ਲੱਗਾ ਹੋਇਆ ਹੈ। ਉਸ ਅਤੇ ਉਹ ਇਕ ਦੂਜੇ ਦੀ ਰੀਸ ਕਰ ਰਿਹਾ ਹੈ, ਉਹਦੇ ਕੋਲ ਕਾਰਾਂ, ਕੋਠੀਆਂ ਹਨ, ਮੇਰੇ ਕੋਲ ਨਹੀਂ, ਉਸ ਕੋਲ ਏਨੀ ਜਮੀਨ ਹੈ, ਮੇਰੇ ਕੋਲ ਨਹੀਂ, ਇਸ ਕਰਕੇ ਉਹ ਵਾਹਿਗੁਰੂ ਨੂੰ ਭੁੱਲ ਗਿਆ ਹੈ ਅਤੇ ਜਿਹਦੇ ਪਿਛੇ ਤੂੰ ਮਾਇਆ ਇਕੱਠੀ ਕਰ ਰਿਹਾ ਹੈ, ਅਖੀਰ ਵਕਤ ਤੇਰਾ ਸਾਥ ਨਹੀਂ ਦੇਣਾ, ਸਿਰਫ ਵਾਹਿਗੁਰੂ ਜੀ ਦਾ ਨਾਮ ਨੇ ਹੀ ਤੇਰਾ ਉਧਾਰ ਕਰਨਾ ਹੈ ਅਤੇ ਹੁਣ ਵੀ ਸਮਾਂ ਹੈ ਕਿ ਤੂੰ ਵੱਧ ਤੋਂ ਵੱਧ ਨਾਮ ਸਿਮਰਨ ਕਰ, ਇਸ ਨੇ ਹੀ ਤੈਨੂੰ ਭਵ ਸਾਗਰ ਤੋਂ ਪਾਰ ਲਾਉਣਗਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪੈਨਸ਼ਨਰ ਜੁਆਇੰਟ ਫਰੰਟ ਨੇ

# ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਮੂਹਰੇ ਕੀਤੀ ਰੈਲੀ, ਦਿੱਤਾ ਮੰਗ ਪੱਤਰ



**ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :—** ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਕੀਤੇ ਫੈਸਲੇ ਅਨੁਸਾਰ ਡਿਪਟੀ ਕਮਿਸ਼ਨਰ ਫਿਰੋਜਪੁਰ ਦੇ ਦਫਤਰ ਸਾਹਮਣੇ ਵਿਸ਼ਾਲ ਰੈਲੀ ਕਰਕੇ ਮੰਗ ਪੱਤਰ ਸੌਂਪਿਆ ਗਿਆ। ਇਸ ਰੋਸ ਰੈਲੀ ਵਿਚ ਵੱਖ—ਵੱਖ ਪੈਨਸ਼ਨਰ ਐਸੋਸੀਏਸ਼ਨਾਂ ਅਤੇ ਵਿਭਾਗਾਂ ਦੇ ਮੁਲਾਜ਼ਮ ਤੇ ਭਰਾਤਰੀ ਜਥੇਬੰਦੀਆਂ ਦੇ ਆਗੂ ਸ਼ਾਮਿਲ ਹੋਏ। ਇਸ ਸਮੇਂ ਵੱਖ—ਵੱਖ ਬੁਲਾਰਿਆਂ ਨੇ ਜਿਨਾਂ ਵਿੱਚ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਸਟੇਟ ਆਗੂ ਕਿੱਕਰ ਸਿੰਘ, ਜਿਲਾ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਜਨਰਲ ਸਕੱਤਰ ਪ੍ਰਤਾਪ ਸਿੰਘ ਢਿੱਲੋ, ਸੇਵਾ ਮੁਕਤ ਪੈਨਸ਼ਨਰ ਐਸੋਸੀਏਸ਼ਨ ਜੀਰਾ ਦੇ ਜਨਰਲ ਸਕੱਤਰ ਬਖਸ਼ੀਸ਼ ਸਿੰਘ, ਜਿਲਾ ਪਰਿਸ਼ਦ ਤੇ ਪੰਚਾਇਤ ਸੰਮਤੀਜ ਪੈਨਸਨਰਜ ਐਸੋਸੀਏਸਨ ਦੇ ਬਲਬੀਰ ਸਿੰਘ ਘੱਦੂਵਾਲਾ, ਸਟੇਟ ਕਰਮਚਾਰੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਕੰਬੋਜ, ਪੰਜਾਬ ਸਟੇਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਫਿਰੋਜਪੁਰ ਦੇ ਪ੍ਰਧਾਨ ਗੁਰਨਾਮ ਸਿੰਘ ਸੁਧਾਰਾ, ਜੰਗਲਾਤ ਵਰਕਰ ਯੂਨੀਅਨ ਦੇ ਆਗੂ ਬਲਵੀਰ ਸਿੰਘ ਗੋਖੀਵਾਲਾ, ਸੇਵਾ ਮੁਕਤ ਪੈਨਸ਼ਨਰ ਐਸੋਸ਼ੀਏਸ਼ਨ ਤਲਵੰਡੀ ਭਾਈ ਦੇ ਪ੍ਰਧਾਨ ਬੂਟਾ ਰਾਮ ਅਰੋੜਾ, ਪ.ਸ.ਸ.ਫ ਦੇ ਬਲਾਕ ਜਨਰਲ ਸਕੱਤਰ ਅਮਿਤ ਅਰੋੜਾ ਤੇ ਭਰਾਤਰੀ ਜਥੇਬੰਦੀ ਵੱਲੋਂ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਕਨਵੀਨਰ ਸੁਰਿੰਦਰ ਸਿੰਘ ਤੇ ਕੋ—ਕਨਵੀਨਰ ਦਲਜੀਤ ਸਿੰਘ ਯਾਰੇਸਾਹਵਾਲਾ, ਨਾਰਦਰਨ ਰੇਲਵੇ ਮੈਨਜ ਯੂਨੀਅਨ ਦੇ ਵਿੱਤ ਸਕੱਤਰ ਸ਼ੁਭਾਸ਼ ਸ਼ਰਮਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਤੇ ਮੁਲਾਜ਼ਮਾ ਦੀਆਂ ਮੰਗਾਂ ਦੇ ਹੱਲ ਲਈ 15 ਅਕਤੂਬਰ 2024 ਤੱਕ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਦਾ ਹੱਲ ਕੀਤਾ ਜਾਵੇ। ਮੁਜਾਹਰਾਕਾਰੀਆਂ ਨੇ ਕਿਹਾ ਕਿ ਜੇਕਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਜਲਦੀ ਨਾ ਕੀਤਾ ਤਾਂ 22 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕਰਕੇ ਮਾਰਚ ਕੀਤਾ ਜਾਵੇਗਾ, ਰੈਲੀ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦੇ ਨਾਮ ਏ.ਡੀ.ਸੀ ਜਨਰਲ ਫਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਡਾਕਟਰ ਪ੍ਰਦੀਪ ਰਾਣਾ, ਤਰਸੇਮ ਸਿੰਘ, ਜੋਗਿੰਦਰ ਸਿੰਘ, ਪ੍ਰੇਮ ਕੁਮਾਰ ਕਾਮਰਾ, ਬਲਕਾਰ ਸਿੰਘ, ਇਕਬਾਲ ਸਿੰਘ, ਵਿਜੇ ਕੁਮਾਰ ਗੱਖੜ, ਮੁਖਤਿਆਰ ਸਿੰਘ, ਮਿਹਰ ਸਿੰਘ, ਗੁਰਮੇਲ ਸਿੰਘ, ਮਲਕੀਤ ਸਿੰਘ, ਜੰਗੀਰ ਸਿੰਘ ਜ਼ੀਰਾ, ਜਗਤਾਰ ਸਿੰਘ ਜ਼ੀਰਾ, ਰਾਜ ਕੁਮਾਰ ਨੇ ਵੀ ਸੰਬੋਧਨ ਕੀਤਾ। ਭਰਾਤਰੀ ਜਥੇਬੰਦੀਆਂ ਵੱਲੋਂ ਰਮੇਸ਼ ਸ਼ਰਮਾ, ਪੰਕਜ਼ ਤਲਵਾੜ ਪ੍ਰਿਤਪਾਲ ਸਿੰਘ, ਕਿਦਾਰ ਨਾਥ, ਗੁਲਸ਼ਨ ਕੁਮਾਰ, ਰਾਹੁਲ ਤੇ ਵੱਖ—ਵੱਖ ਜਥੇਬੰਦੀਆਂ ਤੋਂ ਤਿਰਲੋਕ ਸਿੰਘ, ਪ੍ਰਲਾਦ ਭਗਤ, ਚੰਦਰ ਮੋਹਨ, ਗੁਰਜਿੰਦਰ ਸਿੰਘ, ਰਾਮਪ੍ਰਸਾਦ, ਜੀਤ ਸਿੰਘ, ਮੇਹਰ ਸਿੰਘ ਲੱਖੋ ਕੇ ਬਹਿਰਾਮ, ਸਤਨਾਮ ਸਿੰਘ, ਲਾਜਵੰਤੀ ਆਦਿ ਸ਼ਾਮਲ ਹੋਏ।

### ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਹੋਕਲੀ ਯੂ.ਕੇ. ਵਿਖੇ

# 26 ਨਵੰਬਰ ਤੋਂ ਇਕ ਦਸੰਬਰ ਤੱਕ : ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਨਰਿੰਦਰ ਸਿੰਘ ਧੰਜਲ

ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਹੋਕਲੀ ਸੋਹੋ ਹਿੱਲ ਬੀ 19 ਏ.ਏ ਬਰਮਿੰਘਮ ਯੂ.ਕੇ ਵਿਖੇ 26 ਨਵੰਬਰ ਤੋਂ ਇਕ ਦਸੰਬਰ ਤੱਕ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ: ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ, ਨਰਿੰਦਰ ਸਿੰਘ ਧੰਜਲ ਨੇ ਦੱਸਿਆ ਕਿ ਇਸ ਮੌਕੇ ਤੇ ਦੇਸ਼—ਵਿਦੇਸ਼ ਤੇ ਮਹਾਨ ਸਖਸ਼ੀਅਤਾਂ ਪਹੁੰਚ ਰਹੀਆਂ ਹਨ, ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਸੁਖਜੀਤ ਸਿੰਘ ਜੀ ਸੀਚੇਵਾਲ, ਬਾਬਾ ਹਰਜੀਤ ਸਿੰਘ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲੇ, ਭਾਈ ਜ਼ੋਸਨਪ੍ਰੀਤ ਸਿੰਘ, ਭਾਈ ਨਿਰਮਲ ਸਿੰਘ ਜੀ ਰਬਾਬੀ ਪਹੁੰਚ ਰਹੇ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਆਰੰਭ 26 ਨੂੰ ਹੋਣਗੇ ਅਤੇ 27 ਨਵੰਬਰ 2024 ਨੂੰ ਭੋਗ ਪਾਏ ਜਾਣਗੇ। ਇਸ ਤੋਂ ਇਲਾਵਾ ਦੂਸਰਾ ਸ੍ਰੀ ਆਖੰਡ ਪਾਠ ਆਰੰਭ 27 ਨੂੰ ਹੋਣਗੇ ਅਤੇ 29 ਨਵੰਬਰ 2024 ਨੂੰ ਭੋਗ ਪਾਏ ਜਾਗੇ। ਇਸ ਤੋਂ ਇਲਾਵਾ ਤੀਸਰਾ ਸ੍ਰੀ ਆਖੰਡ ਪਾਠ ਸਾਹਿਬ



ਆਰੰਭ 29 ਨਵੰਬਰ ਨੂੰ ਅਤੇ ਭੋਗ ਇਕ ਦਸੰਬਰ 2024 ਨੂੰ ਪਾਏ ਜਾਣਗੇ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜਡੂ, ਰਛਪਾਲ ਸਿੰਘ, ਹਰਪਾਲ ਸਿੰਘ, ਅਮਤੋਜ਼ ਸਿੰਘ ਸੱਗੂ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਮਹਾਨ ਸਮਾਗਮ ਦੀਆਂ ਡਿਊਟੀਆਂ ਹੁਣ ਤੋਂ ਹੀ ਵੰਡ ਦਿੱਤੀਆਂ ਗਈਆਂ ਹਨ। ਇਸ ਮੌਕੇ ਤੇ ਗੁਰਮੀਤ ਸਿੰਘ ਸੈਭੀ, ਬਲਕਾਰ ਸਿੰਘ ਗੋਪੀ, ਅਮਰੀਕ ਸਿੰਘ ਮੀਤਾ, ਨਰਿੰਦਰ ਸਿੰਘ ਧੰਜਲ ਦੀਆਂ ਡਿਊਟੀਆਂ ਸੰਗਤਾਂ ਦੀ ਸਾਂਭ ਸੰਭਾਲ ਲਈ ਅਤੇ ਲੰਗਰਾਂ ਦੀਆਂ ਡਿਊਟੀਆਂ ਬੀਬੀ ਨਿੰਦਰਕੌਰ ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਰਿੰਦਰ ਕੌਰ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ 7 ਦਿਨ ਗੁਰੂ ਕਾ ਲੰਗਰ ਜ਼ੋ ਕਿ 26 ਨਵੰਬਰ ਤੋਂ ਲੈ ਕੇ ਇਕ ਦਸੰਬਰ ਤੱਕ ਅਤੁੱਟ ਵਰਤਾਇਆ ਜਾਵੇਗਾ। ਉਪਰੋਕਤ ਆਗੂਆਂ ਨੇ ਬਰਮਿੰਘਮ ਅਤੇ ਯੂ.ਕੇ ਦੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ, ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ।

# ਬਾਬਾ ਬੁੱਢਾ ਸਾਹਿਬ ਜੀ ਦੇ ਜ਼ੋੜ ਮੇਲੇ ਨੂੰ ਸਮਰਪਿਤ ਰੁਪਾਲਾਂ ਵਿਖੇ ਲਗਾਏ ਜਾਣਗੇ ਲੰਗਰ : ਅਜੀਤਪਾਲ ਸਿੰਘ ਪਾਲੀ

ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਦੇ ਮੁੱਖ ਸੇਵਾਦਾਰ ਬਾਬਾ ਅਜੀਤਪਾਲ ਸਿੰਘ ਪਾਲੀ ਦੇ ਉਦਮ ਅਤੇ ਸੰਗਤਾਂ ਦੇ ਸਹਿਯੋਗ ਨਾਲ ਧੰਨ—ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਨੂੰ ਮੁੱਖ ਰੱਖ ਕੇ ਗੁਰਮਤਿ ਸਮਾਗਮ ਅਤੇ ਲੰਗਰ ਫਿਰੋਜ਼ਪੁਰ ਤੋਂ ਮੱਖੂ ਰੋਡ (ਵਾਇਆ ਮੱਲਾਂਵਾਲਾ) ਰੁਪਾਲਾਂ ਵਾਲੇ ਅੱਡੇ ਤੇ ਲਗਾਇਆ ਜਾ ਰਿਹਾ ਹੈ। ਇਸ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਦੱਸਿਆ ਕਿ ਇਹ ਸਮਾਗਮ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਆਰੰਭ ਨਾਲ ਸ਼ੁਰੂ ਹੋਣਗੇ, ਜਿਨ੍ਹਾਂ ਦੇ ਭੋਗ ਪਾਏ ਜਾਣਗੇ ਉਪਰੰਤ ਧਾਰਮਿਕ ਦੀਵਾਨ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਸਜ਼ਾਏ ਜਾਣਗੇ, ਜਿਸ



ਵਿਚ ਸੰਤ, ਮਹਾਂਪੁਰਸ਼, ਰਾਗੀ, ਢਾਡੀ ਅਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਹਰ ਜਸ ਸਰਵਣ ਕਰਾਉਣਗੇ। ਇਸ ਸਮਾਗਮ ਵਿੱਚ ਪਿੰਡ ਮਹਿਮਾ, ਭਾਵੜਾ ਆਜ਼ਮ ਸ਼ਾਹ, ਮੱਲੂ ਵਾਲਾ, ਬਾਲੇ ਵਾਲਾ, ਨਾਨਕ ਪੁਰਾ, ਗੋਬਿੰਦ ਨਗਰ, ਖਾਈ ਫੇਮੇ ਕੀ, ਸਿਆਲ, ਨੌਰੰਗ ਕੇ ਲੇਲੀ ਵਾਲਾ, ਪੱਧਰੀ, ਮੱਲੂਵਾਲੀਏ ਵਾਲਾ, ਮਿੱਠੇ, ਸੇਦੈ ਕੇ ਰੁਹੇਲਾ, ਬੇਗੂ ਮਾਂਹੂ, ਰੁਪਾਲਾਂ, ਸੁਧਾਰਾ, ਝਾਮ ਕੇ, ਹਾਜੀ ਵਾਲਾ ਆਦਿ ਨਗਰਾਂ ਦੀਆਂ ਸੰਗਤਾਂ ਇਹ ਸੇਵਾਵਾਂ ਨਿਭਾਉਣਗੀਆਂ। ਇਸ ਮੌਕੇ ਲੰਗਰ ਕਮੇਟੀ ਦੇ ਗਗਨਦੀਪ ਸਿੰਘ ਨੰਬਰਦਾਰ, ਗੁਰਮੇਹਰ ਸਿੰਘ ਕੋਟ, ਗੁਰਤਾਰ ਸਿੰਘ ਲਾਡੀ, ਸੁਰਜੀਤ ਸਿੰਘ ਸਰਪੰਚ, ਜੱਗਾ ਸੰਧੂ, ਮਨਪ੍ਰੀਤ ਸਿੰਘ ਕੋਟ, ਕਰਮਜੀਤ ਸਿੰਘ, ਸੁਖਪਾਲ ਸਿੰਘ ਮੈਂਬਰ, ਗੁਰਲਾਭ ਸਿੰਘ, ਅਰਸ਼ਦੀਪ ਸਿੰਘ ਭੁੱਲਰ, ਗੁਰਤਾਜ ਸਿੰਘ ਭੁੱਲਰ, ਡਾਕਟਰ ਸ਼ਿੰਦਾ, ਗੁਰਦੀਪ ਸਿੰਘ ਮੱਲ੍ਹੀ, ਕਾਬਲ ਸਿੰਘ ਢਿੱਲੋਂ, ਹਰਪ੍ਰੀਤ ਸਿੰਘ ਢਿੱਲੋਂ, ਲਖਬੀਰ ਸਿੰਘ ਢਿੱਲੋਂ, ਮੰਗਲ ਸਿੰਘ, ਲਖਵਿੰਦਰ ਸਿੰਘ ਦਰਜ਼ੀ, ਨਿਸ਼ਾਨ ਸਿੰਘ ਰਾਜਾ, ਹਰਿੰਦਰ ਸਿੰਘ ਕੁੱਲ, ਨੋਨਿਹਾਲ ਸਿੰਘ ਭੁੱਲਰ, ਖੁਸ਼ਿਵੰਦਰ ਸਿੰਘ, ਪਵਿੱਤਰ ਸਿੰਘ, ਕਿੱਟੂ ਮਿਸਤਰੀ, ਸਰਪੰਚ ਟਹਿਲ ਸਿੰਘ ਠਾਣਾ, ਰਛਪਾਲ ਸਿੰਘ ਵਿਰਕ, ਗੁਰਮੁਖ ਸਿੰਘ, ਜਗਤਾਰ ਸਿੰਘ ਬਾਲੇ ਵਾਲਾ, ਅਮਰਜੀਤ ਸਿੰਘ ਅਮਰ, ਮੰਗਲ ਸਿੰਘ ਨਾਨਕ ਪੁਰੀਆ, ਬਾਬਾ ਹਰਪਾਲ ਸਿੰਘ ਲਾਡਲੀਆਂ ਫੌਜਾਂ ਆਦਿ ਸੇਵਾਦਾਰ ਹਾਜ਼ਰ ਸਨ।

# ਧੰਨ ਧੰਨ ਬਾਬਾ ਦੀਦਾਰ ਸਿੰਘ ਜੀ ਸਹੀਦ ਦਾ ਸਲਾਨਾ ਜੋੜ ਮੇਲਾ 4,5,6 ਅਕਤੂਬਰ ਨੂੰ ਮਨਾਇਆ ਜਾਵੇਗਾ

**ਚੌਕ ਮਹਿਤਾ, 26 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਜੀ ਦੇ ਸਹੀਦੀ ਜਥੇ ਵਿੱਚ ਸਾਮਲ ਹੋ ਕਿ ਸਹੀਦੀ ਪਾਉਣ ਵਾਲੇ ਮਹਾਨ ਸੂਰਬੀਰ ਧੰਨ ਧੰਨ ਬਾਬਾ ਦੀਦਾਰ ਸਿੰਘ ਜੀ ਦੀ ਯਾਦ ਵਿੱਚ ਹਰ ਸਾਲ ਸਲਾਨਾ ਜੋੜ ਮੇਲਾ ਪਿੰਡ ਮਹਿਮਾ ਪੰਡੋਰੀ ਵਿਖੇ ਹਰ ਸਾਲ ਬੜੀ ਸਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ ਜਿਸ ਵਿਚ ਦੇਸ਼ ਵਿਦੇਸ਼ ਤੋਂ ਹਜਾਰਾਂ ਸੰਗਤਾਂ ਹਾਜਰੀ ਭਰਨ ਵਾਸਤੇ ਪਹੁੰਚਦੀਆਂ ਹਨ । ਇਸ ਵਾਰ 4,5,6 ਅਕਤੂਬਰ ਨੂੰ ਸਲਾਨਾ ਜੋੜ ਮੇਲਾ ਮਨਾਇਆ ਜਾ ਰਿਹਾ ਹੈ 4 ਅਕਤੂਬਰ ਨੂੰ ਸਾਰਾ ਦਿਨ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ 5 ਅਕਤੂਬਰ ਨੂੰ ਸਾਮ 4 ਵਜੇ ਕਬੱਡੀ ਦੇ ਮੈਚ ਅਤੇ ਰਾਤ 7 ਤੋਂ 11 ਵਜੇ ਤੱਕ ਦੀਵਾਨ ਸਜਾਏ ਜਾਣਗੇ 6 ਅਕਤੂਬਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਾਰਾ ਦਿਨ ਦੀਵਾਨ ਸਜਾਏ ਜਾਣਗੇ ਅਤੇ ਸੰਗਤਾ ਨੂੰ ਗੁਰਬਾਣੀ ਰਸ ਨਾਲ ਜੋੜਿਆ ਜਾਵੇਗਾ ਇਸ ਮੇਲੇ ਵਿੱਚ ਪਹਿਲੀ ਵਾਰ ਕਬੱਡੀ ਕੱਪ ਕਰਵਾਇਆ ਜਾਵੇਗਾ ਜਿਸਦੇ ਪ੍ਰਮੋਟਰ ਇਸ ਪਿੰਡ ਤੋ ਵਿਦੇਸ਼ ਵਸਦੇ ਨੌਜਵਾਨ ਵੀਰ ਲਵ ਬੈਲਜੀਅਮ, ਗੁਰਜੰਟ ਸਿੰਘ ਯੂ ਐਸ ਏ , ਪ੍ਰਭ ਇੰਗਲੈਂਡ, ਮਨੀ ਦੁਬਈ ਵਲੋ ਕਬੱਡੀ ਕੱਪ ਕਰਵਾਇਆ ਜਾਵੇਗਾ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ ਇਸ ਮੌਕੇ ਲਖਜਿੰਦਰ ਸਿੰਘ ਭੁੱਲਰ,ਬਾਬਾ ਮਲਕੀਤ ਸਿੰਘ, ਯਾਦਵਿੰਦਰ ਸਿੰਘ ਪ੍ਰਧਾਨ,ਪ੍ਰਗਟ ਸਿੰਘ, ਸੰਦੀਪ ਸਿੰਘ ਮਹਿਮਾ, ਕਾਰਜ ਸਿੰਘ, ਸਿਕੰਦਰ ਸਿੰਘ ਗੁਰਦਿਆਲ ਸਿੰਘ, ਬਲਗੇਰ ਸਿੰਘ,ਗੁਰਵਿੰਦਰ ਸਿੰਘ, ਜਸਨਦੀਪ ਸਿੰਘ ਸ਼ਾਹ,ਹਰਦੇਵ ਸਿੰਘ, ਜੈਮਲ ਸਿੰਘ,ਸਪਿੰਦਰ ਸਿੰਘ ਸ਼ਾਹ, ਅਜਮੇਰ ਸਿੰਘ ਆਦਿ ਹਾਜ਼ਰ ਸਨ।



# ਗਿੱਲ ਪਰਿਵਾਰ ਨੂੰ ਸਦਮਾ, ਕਲੋਨੀ ਵਾਸੀਆਂ ਵੱਲੋਂ ਦੁੱਖ ਦਾ ਪ੍ਰਗਟਾਵਾ

ਤਲਵੰਡੀ ਸਾਬੋ, 26 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗਿੱਲ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੀ ਲੜਕੀ ਕੋਮਲਪ੍ਰੀਤ ਕੌਰ (21 ਸਾਲ) ਦੀ ਬਰੇਨ ਹੈਮਰੇਜ ਹੋਣ ਕਾਰਨ ਮੌਤ ਹੋ ਗਈ। ਅਚਾਨਕ ਮੌਤ ਦੀ ਖ਼ਬਰ ਸੁਣ ਕੇ ਇਲਾਕੇ 'ਚ ਸੋਗ ਦੀ ਲਹਿਰ ਦੌੜ ਗਈ। ਸੁਸ਼ਾਂਤ ਸਿਟੀ-2 ਬਠਿੰਡਾ ਦੇ ਵਸਨੀਕ ਜਗਜੀਤ ਸਿੰਘ ਗਿੱਲ ਦੀ ਹੋਣਹਾਰ ਲੜਕੀ ਕੋਮਲਪ੍ਰੀਤ ਕੌਰ ਜੋ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਐਮ ਬੀ ਏ ਦੀ ਵਿਦਿਆਰਥਣ ਸੀ ਅਤੇ ਇਸ ਪੜ੍ਹਾਈ ਦੇ ਨਾਲ ਨਾਲ ਉਹ ਸਿਵਿਲ ਸਰਵਿਸਿਜ਼ ਦੀ ਤਿਆਰੀ ਵੀ ਕਰ ਰਹੀ ਸੀ ਅਤੇ ਚੰਡੀਗੜ੍ਹ ਵਿਖੇ ਪੀ ਜੀ ਵਿੱਚ ਰਹਿ ਰਹੀ ਸੀ। ਪਰਿਵਾਰਕ ਮੈਂਬਰਾਂ ਦੇ ਦੱਸਣ ਮੁਤਾਬਕ ਲੜਕੀ ਨੇ ਪਲੱਸ ਟੂ ਤੱਕ ਸੀਬੀਐਸਈ ਦੀ ਪੜ੍ਹਾਈ ਕੀਤੀ ਅਤੇ ਗ੍ਰੈਜੂਏਸ਼ਨ ਲਈ ਚੰਡੀਗੜ੍ਹ ਵਿਖੇ ਦਾਖਲਾ ਲਿਆ ਹੋਇਆ ਸੀ ਅਤੇ ਪੜ੍ਹਾਈ ਦੌਰਾਨ ਹਰ ਕੋਰੀਕੂਲਰ ਐਕਟੀਵਿਟੀਜ ਵਿੱਚ ਵੱਧ ਚੜ ਕੇ ਹਿੱਸਾ ਲੈਂਦੀ ਸੀ। ਦੱਸ ਦਈਏ ਕਿ ਲੜਕੀ ਜੱਸੀ ਪੌ ਵਾਲੀ (ਬਠਿੰਡਾ) ਦੇ ਖਾਨਦਾਨੀ ਪਰਿਵਾਰ ਯਾਦਵਿੰਦਰ ਸਿੰਘ ਦੀ ਪੋਤਰੀ ਸੀ ਅਤੇ ਪਰਿਵਾਰ ਬੱਚਿਆਂ ਨੂੰ ਪੜ੍ਹਾਈ ਕਰਾਉਣ ਦੇ ਮਕਸਦ ਨਾਲ ਨੇੜਲੀ ਕਲੋਨੀ ਸੁਸ਼ਾਂਤ ਸਿਟੀ-2 ਵਿੱਚ ਰਹਿ ਰਿਹਾ ਹੈ। ਲੜਕੀ ਦੇ ਪਿਤਾ ਜਗਜੀਤ ਸਿੰਘ ਗਿੱਲ ਸਮਾਜ ਸੇਵਾ ਦੇ ਹਰ ਖੇਤਰ ਵਿੱਚ ਵੱਧ ਚੜ ਕੇ ਭੂਮਿਕਾ ਨਿਭਾਉਂਦੇ ਹਨ ਅਤੇ ਕਲੋਨੀ ਦੀ ਰੈਜੀਡੈਂਟਸ ਸੁਸ਼ਾਂਤ ਸਿਟੀ- 2 ਵੈਲਫੇਅਰ ਸੁਸਾਇਟੀ ਦੇ ਵਾਈਸ ਪ੍ਰਧਾਨ ਹਨ। ਜਿਉਂ ਹੀ ਕਲੋਨੀ ਵਾਸੀਆਂ ਨੂੰ ਮੌਤ ਦੀ ਖਬਰ ਦਾ ਪਤਾ ਲੱਗਾ ਤਾਂ ਕਲੋਨੀ ਵਿੱਚ ਮਾਤਮ ਛਾ ਗਿਆ। ਕਲੋਨੀ ਦੀਆਂ ਸੰਸਥਾਵਾਂ ਰੈਜੀਡੈਂਟਸ ਸੁਸ਼ਾਂਤ ਸਿਟੀ- 2 ਵੈਲਫੇਅਰ ਸੁਸਾਇਟੀ (157), ਸੁਖਮਨੀ ਸਾਹਿਬ ਸੇਵਾ ਸੁਸਾਇਟੀ ਅਤੇ ਮੈਨੇਜਮੈਂਟ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇੰਨਾ ਦਾ ਭੋਗ 1 ਅਕਤੂਬਰ 2024 ਦਿਨ ਮੰਗਲਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਜੱਸੀ ਪੌ ਵਾਲੀ ਵਿਖੇ ਪਾਇਆ ਜਾਵੇਗਾ।



# ਅਦਾਲਤ ਵਲੋਂ ਕੰਗਨਾ ਦੀ ਫਿਲਮ ਐਮਰਜੈਂਸੀ ਦੀ ਰਿਲੀਜ਼ ਦਾ ਰਸਤਾ ਹੋਇਆ ਸਾਫ

ਨਵੀਂ ਦਿੱਲੀ 26 ਸੰਤਬਰ (ਮਨਪ੍ਰੀਤ ਸਿੰਘ ਖਾਲਸਾ): ਕੰਗਨਾ ਰਣੌਤ ਦੀ ਬਹੁਚਰਚਿਤ ਫਿਲਮ ਐਮਰਜੈਂਸੀ ਦੀ ਰਿਲੀਜ਼ 'ਤੇ ਰੋਕ ਨੂੰ ਲੈ ਕੇ ਵੀਰਵਾਰ ਨੂੰ ਬੰਬੇ ਹਾਈ ਕੋਰਟ 'ਚ ਮੁੜ ਸੁਣਵਾਈ ਹੋਈ। ਇਸ ਦੌਰਾਨ ਸੈਂਟਰਲ ਬੋਰਡ ਆਫ ਫਿਲਮ ਸਰਟੀਫਿਕੇਸ਼ਨ ਨੇ ਕਿਹਾ ਕਿ ਕੰਗਨਾ ਰਣੌਤ ਦੀ ਇਹ ਫਿਲਮ ਰਿਲੀਜ਼ ਹੋ ਸਕਦੀ ਹੈ। ਇਸ ਤੋਂ ਪਹਿਲਾਂ ਫਿਲਮ 'ਚ ਕੁਝ ਕਟੌਤੀਆਂ ਕਰਨੀਆਂ ਪੈਣਗੀਆਂ, ਜਿਨ੍ਹਾਂ ਦਾ ਸੁਝਾਅ ਸੈਂਸਰ ਬੋਰਡ ਦੀ ਸਮੀਖਿਆ ਕਮੇਟੀ ਨੇ ਦਿੱਤਾ ਸੀ। ਬੋਰਡ ਨੇ ਇਹ ਗੱਲ ਜਸਟਿਸ ਬੀਪੀ ਕੋਲਾਬਾਵਾਲਾ ਅਤੇ ਜਸਟਿਸ ਫਿਰਦੌਸ ਪੋਨੀਵਾਲਾ ਦੀ ਬੈਂਚ ਦੇ ਸਾਹਮਣੇ ਕਹੀ। ਇਸ ਸਬੰਧੀ ਫਿਲਮ ਨਿਰਮਾਤਾ ਕੰਪਨੀ ਜ਼ੀ ਸਟੂਡੀਓ ਦਾ ਕਹਿਣਾ ਹੈ ਕਿ ਉਹ ਸੋਮਵਾਰ ਤੱਕ ਇਸ ਮਾਮਲੇ 'ਤੇ ਵਿਚਾਰ ਕਰੇਗੀ ਅਤੇ ਕਿਹਾ ਕਿ ਅਸੀਂ ਇਸ ਬਾਰੇ ਜਾਣਕਾਰੀ ਪ੍ਰਾਪਤ ਕਰਾਂਗੇ ਕਿ ਕਿਹੜੀਆਂ ਕਟੌਤੀਆਂ ਕੀਤੀਆਂ ਜਾ ਸਕਦੀਆਂ ਹਨ। ਅਦਾਲਤ ਅਗਲੇ ਹਫ਼ਤੇ ਇਸ ਮਾਮਲੇ ਦੀ ਸੁਣਵਾਈ ਕਰੇਗੀ। ਜ਼ੀ ਸਟੂਡੀਓਜ਼ ਨੇ ਖੁਦ ਅਦਾਲਤ 'ਚ ਅਰਜ਼ੀ ਦਾਇਰ ਕਰਕੇ ਸੈਂਸਰ ਬੋਰਡ ਵੱਲੋਂ ਇਸ ਨੂੰ ਸਰਟੀਫਿਕੇਟ ਜਾਰੀ ਕਰਨ ਦਾ ਹੁਕਮ ਦੇਣ ਦੀ ਮੰਗ ਕੀਤੀ ਸੀ। ਇਸ ਫਿਲਮ ਨੂੰ ਲੈ ਕੇ ਦੋਸ਼ ਲੱਗੇ ਸਨ ਕਿ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆ ਦੇ ਕਿਰਦਾਰ ਨਾਲ ਛੇੜਖਾਣੀ ਕੀਤੀ ਗਈ ਸੀ ਤੇ ਸਿੱਖ ਕੌਮ ਨੂੰ ਗਲਤ ਤਰੀਕੇ ਨਾਲ ਦਿਖਾਇਆ ਗਿਆ ਹੈ। ਇਸ ਤੋਂ ਬਾਅਦ ਵਿਵਾਦ ਵਧ ਗਿਆ ਅਤੇ ਸੈਂਸਰ ਬੋਰਡ ਨੇ ਰਿਲੀਜ਼ ਨੂੰ ਰੋਕ ਦਿੱਤਾ। ਜ਼ੀ ਸਟੂਡੀਓਜ਼ ਨੇ ਅਦਾਲਤ 'ਚ ਕਿਹਾ ਸੀ ਕਿ ਅਸੀਂ 29 ਅਗਸਤ ਨੂੰ ਹੀ ਫਿਲਮ ਸਰਟੀਫਿਕੇਸ਼ਨ ਬੋਰਡ ਦੇ ਸਾਹਮਣੇ ਆਪਣੀ ਅਰਜ਼ੀ ਦਾਖਲ ਕੀਤੀ ਸੀ। ਪਰ ਹੁਣ ਤੱਕ ਸਾਨੂੰ ਬੋਰਡ ਤੋਂ ਸੈਂਸਰ ਸਰਟੀਫਿਕੇਟ ਨਹੀਂ ਮਿਲਿਆ ਹੈ।



# ਸਕੂਲੀ ਵਿਦਿਆਰਥੀਆਂ ਨੂੰ ਕਰਵਾਈ ਸਾਇੰਸ ਸਿਟੀ ਦੀ ਸੈਰ




**ਫ਼ਿਰੋਜ਼ਪੁਰ, 26 ਸਤੰਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ—ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵੱਲੋਂ ਵਿਦਿਆਰਥੀਆਂ ਲਈ ਸਾਇੰਸ ਸਿਟੀ ਦੀ ਯਾਤਰਾ ਦਾ ਆਯੋਜਨ ਕੀਤਾ ਗਿਆ ਅਤੇ ਇਸ ਟੂਰ ਦੌਰਾਨ ਸਕੂਲ ਦੇ ਅਧਿਆਪਕ ਵੀ ਵਿਦਿਆਰਥੀਆਂ ਦੇ ਨਾਲ ਗਏ। ਇਸ ਮੌਕੇ ਵਿਦਿਆਰਥੀਆਂ ਵਿੱਚ ਵਿਗਿਆਨ ਅਤੇ ਗਣਿਤ ਵਿੱਚ ਰੁਚੀ ਵਧਾਉਣ ਦੇ ਉਦੇਸ਼ ਨਾਲ ਸਾਇੰਸ ਸਿਟੀ ਟ੍ਰਿਪ ਦਾ ਆਯੋਜਨ ਕੀਤਾ ਗਿਆ। ਇਹ ਯਾਤਰਾ ਬੱਚਿਆਂ ਲਈ ਬਹੁਤ ਹੀ ਮਜ਼ੇਦਾਰ ਅਤੇ ਜਾਣਕਾਰੀ ਭਰਪੂਰ ਸੀ। ਸਾਇੰਸ ਸਿਟੀ ਵਿੱਚ ਵਿਦਿਆਰਥੀਆਂ ਨੇ ਵਿਗਿਆਨ ਦੇ ਅਜੂਬਿਆਂ ਅਤੇ ਪੁਲਾੜ ਦੇ ਰਹੱਸਾਂ ਬਾਰੇ ਜਾਣਿਆ ਅਤੇ ਬਹੁਤ ਸਾਰੀਆਂ ਹੈਰਾਨੀਜਨਕ ਚੀਜ਼ਾਂ ਦੇਖੀਆਂ ਅਤੇ ਵਿਗਿਆਨ ਅਤੇ ਗਣਿਤ ਸਬੰਧੀ ਬਹੁਤ ਸਾਰੀ ਜਾਣਕਾਰੀ ਹਾਸਲ ਕੀਤੀ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਜਾਣਕਾਰ ਸਾਂਝੀ ਕਰਦਿਆਂ ਦੱਸਿਆ ਕਿ ਇਸ ਯਾਤਰਾ ਦੇ ਆਯੋਜਨ ਦਾ ਮਕਸਦ ਵਿਦਿਆਰਥੀਆਂ ਨੂੰ ਮਨੋਰੰਜਨ ਪ੍ਰਦਾਨ ਕਰਨ ਦੇ ਨਾਲ—ਨਾਲ ਵਿਦਿਆਰਥੀਆਂ ਵਿੱਚ ਵਿਗਿਆਨ ਅਤੇ ਗਣਿਤ ਵਰਗੇ ਵਿਸ਼ਿਆਂ ਵਿੱਚ ਰੁਚੀ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਬੱਚਿਆਂ ਨੂੰ ਕੇਵਲ ਥਿਊਰੀ ਹੀ ਨਹੀਂ ਬਲਕਿ ਵਿਹਾਰਕਤਾਂ ਵੀ ਸਿਖਾਉਂਦੀਆਂ ਹਨ, ਭਵਿੱਖ ਵਿੱਚ ਵੀ ਅਸੀਂ ਸਿੱਖਿਆ ਨਾਲ ਸਬੰਧਤ ਅਜਿਹੇ ਦੌਰਿਆਂ ਅਤੇ ਯਾਤਰਾਵਾਂ ਦਾ ਆਯੋਜਨ ਕਰਦੇ ਰਹਾਂਗੇ ਤਾਂ ਜੋ ਵਿਦਿਆਰਥੀਆਂ ਨੂੰ ਭਵਿੱਖ ਲਈ ਸੇਧ ਮਿਲਦੀ ਰਹੇ।

## ਮਿਲੀਭੁਗਤ ਕਰਕੇ ਪਿੰਡਾਂ ਨੂੰ ਰਿਜਰਵ ਤੋਂ ਜਨਰਲ ਕਰਨ ਵਾਲੇ

# ਅਧਿਕਾਰੀਆ ਨੂੰ ਬਖਸ਼ਿਆ ਨਹੀਂ ਜਾਵੇਗਾ : ਗੋਰਾ ਅਟਾਰੀ



**ਫਿਰੋਜ਼ਪੁਰ 26 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-ਪੱਤਰਕਾਰਾ ਨਾਲ ਗੱਲਬਾਤ ਕਰਦਿਆ ਐਸ ਸੀ ਐਸ ਟੀ ਜਾਗ੍ਰਿਤ ਮਿਸ਼ਨ ਦੇ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ @ ਗੋਰਾ ਅਟਾਰੀ ਨੇ ਦੱਸਿਆ ਕਿ ਪੰਜਾਬ ਵਿੱਚ ਮਿਤੀ 15 ਅਕਤੂਬਰ ਨੂੰ ਪੰਚਾਇਤ ਦੇ ਇਲੈਕਸ਼ਨ ਦੀ ਤਰੀਕ ਪੰਜਾਬ ਸਰਕਾਰ ਨੇ ਤਹਿ ਕੀਤੀ ਹੈ। ਪੰਚਾਇਤ ਲੋਕਤੰਤਰ ਦੀ ਇਕ ਮਜਬੂਤ ਇਕਾਈ ਹੁੰਦੀ ਹੈ। ਜੇਕਰ ਪਿਛਲੇ ਸਮੇਂ ਵਿੱਚ ਝਾਤੀ ਮਾਰੀਏ ਤਾ ਪੰਚਾਇਤ ਦੀ ਆਮ ਤੋਰ ਤੇ ਧਨਾਢ ਲੋਕ ਹੀ ਚੋਣ ਕਰਦੇ ਹਨ। ਜਿਹਨਾਂ ਪਿੰਡਾ ਵਿੱਚ ਸਰਪੰਚੀ ਜਾ ਮੈਂਬਰੀ ਜਨਰਲ ਹੁੰਦੀ ਹੈ ਉਨ੍ਹਾਂ ਪਿੰਡਾਂ ਵਿੱਚ ਅਨੁਸੂਚਿਤ ਜਾਤੀਆ ਦੇ ਲੋਕ ਦੀ ਭਾਰੀ ਵੋਟ ਹੋਣ ਦੇ ਬਾਵਜੂਦ ਵੀ ਅਨੁਸੂਚਿਤ ਜਾਤੀਆ ਦੇ ਵਿਅਕਤੀਆ ਦਾ ਜਿੱਤਣਾ ਲਗਭਗ ਅਸੰਭਵ ਹੁੰਦਾ ਹੈ। ਮੈਂਬਰ ਸਰਪੰਚ ਬਣਨ ਦਾ ਮੌਕੇ ਅਨੁਸੂਚਿਤ ਜਾਤੀਆ ਦੇ ਵਿਅਕਤੀਆ ਨੂੰ ਸਿਰਫ ਰਿਜਰਵੇਸ਼ਨ ਤਹਿਤ ਹੀ ਮਿਲਦਾ ਹੈ। ਅਕਸਰ ਹੀ ਦੇਖਣ ਵਿੱਚ ਆਇਆ ਹੈ ਕਿ ਕਈ ਵਾਰ ਅਸਰ ਰਸੂਖ ਵਾਲੇ ਵਿਅਕਤੀਆ ਵੱਲੋ ਸਬੰਧਤ ਵਿਭਾਗ ਨਾਲ ਮਿਲੀਭੁਗਤ ਕਰਕੇ ਪਿੰਡਾ ਵਿੱਚ ਰਿਜਰਵੇਸ਼ਨ ਦਾ ਹੱਕਦਾਰ ਹੋਣ = ਪਿੰਡਾਂ ਨੂੰ ਜਨਰਲ ਵਿੱਚ ਤਬਦੀਲ ਕਰਵਾ ਲਿਆ ਜਾਂਦਾ ਹੈ। ਅਤੇ ਅਨੁਸੂਚਿਤ ਜਾਤੀਆ ਦੇ ਵਿਅਕਤੀਆ ਨੂੰ ਪਿੰਡ ਦੀ ਪੰਚਾਇਤ ਤੋਂ ਦਰਕਿਨਾਰ ਕਰ ਦਿੱਤਾ ਜਾਂਦਾ ਹੈ। ਸਾਡੀ ਪੰਜਾਬ ਸਰਕਾਰ ਅਤੇ ਸਬੰਧਤ ਵਿਭਾਗ ਅਤੇ ਅਧਿਕਾਰੀਆ ਨੂੰ ਅਪੀਲ ਹੈ ਕਿ ਜਿਹੜੇ ਪਿੰਡ ਰਿਜਰਵੇਸ਼ਨ ਦੇ ਹੱਕਦਾਰ ਹਨ ਉਨ੍ਹਾ ਨੂੰ ਰਿਜਰਵ ਕੀਤਾ ਜਾਵੇ। ਜੇਕਰ ਕਿਸੇ ਅਧਿਕਾਰੀਆ ਨੇ ਆਪਣੇ ਅਹੁਦੇ ਦਾ ਗਲਤ ਇਸਤੇਮਾਲ ਕਰਕੇ ਰਿਜਰਵੇਸ਼ਨ ਨਾਲ ਖਿਲਵਾੜ ਕੀਤਾ ਤਾਂ ਤਦ ਤੱਕ ਸ਼ਾਂਤ ਨਹੀ ਬੈਠਿਆ ਜਾਵੇਗਾ ਜਦ ਤੱਕ ਉਸ ਅਧਿਕਾਰੀ ਨੂੰ ਨੌਕਰੀ ਤੋਂ ਬਰਖਾਸਤ ਨਹੀਂ ਕਰਵਾ ਦਿੰਦੇ। 15 ਅਕਤੂਬਰ ਨੂੰ ਪੰਜਾਬ ਭਰ ਵਿੱਚ ਅਨਾਜ ਮੰਡੀਆ ਝੋਨੇ ਦੀ ਭਰਮਾਰ ਹੋਵੇਗੀ ਮਿਸ਼ਨ ਵੱਲੋ ਪੰਜਾਬ ਦੇ ਸਮੂਹ ਡਿਪਟੀ ਕਮਿਸ਼ਨਰਾਂ ਅਤੇ ਜਿਲ੍ਹਾ ਮੰਡੀ ਬੋਰਡ ਅਫਸਰਾ ਨੂੰ ਬੇਨਤੀ ਹੈ ਕਿ ਆੜ੍ਹਤੀਆ ਅਤੇ ਮਾਰਕੀਟ ਕਮੇਟੀ ਦੇ ਅਧਿਕਾਰੀਆ ਨੂੰ ਸਖਤ ਹਿਦਾਇਤ ਕੀਤੀ ਜਾਵੇ ਕਿ ਚੋਣਾਂ ਵਾਲੇ ਦਿਨ ਕਿਸੇ ਮਜਦੂਰ ਤੋ ਕੰਮ ਨਾ ਕਰਵਾਇਆ ਜਾਵੇ ਅਤੇ ਵੋਟ ਪਾਉਣ ਲਈ ਉਨ੍ਹਾ ਨੂੰ ਆਪਣੇ-ਆਪਣੇ ਪਿੰਡਾ ਵਿੱਚ ਭੇਜਿਆ ਜਾਵੇ। ਅਗਰ ਕਿਸੇ ਆੜ੍ਹਤੀਏ ਜਾ ਠੇਕੇਦਾਰ ਦੇ ਖਿਲਾਫ ਕੋਈ ਸ਼ਿਕਾਇਤ ਕਰਦਾ ਹੈ ਕਿ ਉਸ ਨੂੰ ਵੋਟ ਪਾਉਣ ਲਈ ਮਾਲਕ ਨੇ ਛੁੱਟੀ ਨਹੀ ਦਿਤੀ ਤਾਂ ਮਾਲਕਾਂ ਖਿਲਾਫ ਵੋਟ ਦਾ ਅਧਿਕਾਰ ਖੋਹਣ ਅਤੇ ਜਬਰਨ ਮਜਦੂਰੀ ਕਰਵਾਉਣ ਤਹਿਤ ਤੁਰੰਤ ਮੁਕੱਦਮਾ ਦਰਜ ਕੀਤਾ ਜਾਵੇ। ਸਾਡੀ ਪੰਜਾਬ ਰਾਜ ਦੇ ਸਾਰੇ ਵੋਟਰਾਂ ਅਤੇ ਸਰਪੰਚੀ ਮੈਂਬਰੀ ਦੇ ਚਾਹਵਾਨ ਵਿਅਕਤੀਆ ਨੂੰ ਅਪੀਲ ਹੈ ਕਿ ਅਮਨ-ਕਾਨੂੰਨ ਨੂੰ ਕਾਇਮ ਰੱਖਿਆ ਜਾਵੇ।

# ਸ. ਚਰਨਜੀਤ ਸਿੰਘ ਬਾਠ ਸਰਪੰਚ ਤਲਾਣੀਆਂ ਨਮਿਤ ਭੋਗ ਗੁਰਦੁਆਰਾ ਸਿੰਘ ਸਭਾ ਤਲਾਣੀਆਂ ਸਾਹਿਬ ਵਿਖੇ 28 ਸਤੰਬਰ ਨੂੰ : ਮਾਨ

**ਫਤਹਿਗੜ੍ਹ ਸਾਹਿਬ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-"ਸ. ਚਰਨਜੀਤ ਸਿੰਘ ਬਾਠ ਸਰਪੰਚ ਤਲਾਣੀਆਂ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਇਕ ਅੱਛੇ ਨਿਮਰ ਸੁਭਾ ਦੇ ਨੇਕ ਇਮਾਨਦਾਰ, ਹਰ ਲੋੜਵੰਦ ਦੀ ਹਰ ਪੱਖੋ ਮਦਦ ਕਰਨ ਵਾਲੇ ਇਨਸਾਨੀ ਗੁਣਾਂ ਦੇ ਮਾਲਕ ਸਨ। ਉਨ੍ਹਾਂ ਦੇ ਪਿਤਾ ਸਵਰਗਵਾਸੀ ਸ. ਕੁਲਦੀਪ ਸਿੰਘ ਬਾਠ ਵੀ ਉੱਚੇ ਸੁੱਚੇ ਸਿੱਖੀ ਖਿਆਲਾਂ ਦੀ ਧਾਰਨੀ ਸੋਚ ਰੱਖਦੇ ਸਨ ਅਤੇ ਉਨ੍ਹਾਂ ਨੇ ਵੀ ਖ਼ਾਲਸਾ ਪੰਥ ਦੀ ਨਿਰਸਵਾਰਥ ਸੇਵਾ ਕਰਦੇ ਹੋਏ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ ਨਾਲ ਰਹਿਕੇ ਕੌਮ ਦੀ ਸੇਵਾ ਕੀਤੀ। ਇਨ੍ਹਾਂ ਵਿਚ ਵੀ ਉਹ ਸਾਰੇ ਪੰਥਕ ਗੁਣ ਸਨ ਜਿਨ੍ਹਾਂ ਦਾ ਬੀਤੇ ਕੁਝ ਦਿਨ ਪਹਿਲੇ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਨ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ। ਜਿਨ੍ਹਾਂ ਦੇ ਚਲੇ ਜਾਣ ਨਾਲ ਕੇਵਲ ਤਲਾਣੀਆਂ ਅਤੇ ਆਲੇ ਦੁਆਲੇ ਪਿੰਡਾਂ ਦੇ ਹਰ ਵਰਗ ਦੇ ਨਿਵਾਸੀਆ ਨੂੰ ਹੀ ਗਹਿਰਾ ਸਦਮਾ ਨਹੀ ਪਹੁੰਚਿਆ, ਬਲਕਿ ਖ਼ਾਲਸਾ ਪੰਥ ਦੇ ਵੇਹੜੇ ਵਿਚ ਵੀ ਉਨ੍ਹਾਂ ਦੀ ਨਿਰਸਵਾਰਥ ਸੇਵਾ ਦੀ ਬਦੌਲਤ ਹਰ ਅੱਖ ਨਮ ਵਿਚ ਡੁੱਬੀ ਹੋਈ ਹੈ। ਅਜਿਹੇ ਇਨਸਾਨਾਂ ਦੀ ਹਰ ਸਮਾਜ, ਕੌਮ, ਧਰਮ ਨੂੰ ਲੋੜ ਹੁੰਦੀ ਹੈ। ਉਨ੍ਹਾਂ ਦੇ ਚਲੇ ਜਾਣ ਨਾਲ ਜੋ ਵੱਡਾ ਘਾਟਾ ਪਿਆ ਹੈ, ਉਸਦਾ ਸਦਮਾ ਕੇਵਲ ਪਰਿਵਾਰਿਕ ਮੈਬਰਾਂ ਨੂੰ ਹੀ ਨਹੀ ਬਲਕਿ ਸਮੁੱਚੇ ਇਲਾਕੇ ਤੇ ਖਾਲਸਾ ਪੰਥ ਨੂੰ ਵੀ ਹੈ।" ਅਸੀ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਜਿਥੇ ਗੁਰੂ ਚਰਨਾਂ ਵਿਚ ਅਰਦਾਸ ਕਰਦੇ ਹਾਂ, ਉਥੇ ਪਰਿਵਾਰ ਦੇ ਸਮੁੱਚੇ ਮੈਬਰਾਂ, ਸੰਬੰਧੀਆਂ, ਦੋਸਤਾਂ, ਮਿੱਤਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਗੁਰੂ ਦੇ ਭਾਣੇ ਵਿਚ ਵਿਚਰਣ ਦੀ ਸ਼ਕਤੀ ਬਖਸਣ ਦੀ ਅਰਜੋਈ ਵੀ ਕਰਦੇ ਹਾਂ। ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਬਾਠ ਪਰਿਵਾਰ ਵੱਲੋ ਰਖਾਏ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਮਿਤੀ 28 ਸਤੰਬਰ ਨੂੰ ਗੁਰਦੁਆਰਾ ਸਿੰਘ ਸਭਾ ਤਲਾਣੀਆਂ (ਫ਼ਤਹਿਗੜ੍ਹ ਸਾਹਿਬ) ਵਿਖੇ 1 ਤੋ 2 ਵਜੇ ਤੱਕ ਪੈਣਗੇ। ਇਲਾਕਾ ਨਿਵਾਸੀਆ, ਪਾਰਟੀ ਮੈਬਰਾਂ, ਹਮਦਰਦਾਂ ਅਤੇ ਇਸ ਬਾਠ ਪਰਿਵਾਰ ਨਾਲ ਅਥਾਂਹ ਪਿਆਰ, ਮੁਹੱਬਤ ਰੱਖਣ ਵਾਲੇ ਸਮੁੱਚੇ ਇਨਸਾਨਾਂ ਨੂੰ ਉਨ੍ਹਾਂ ਦੀ ਅਰਦਾਸ ਵਿਚ ਸਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ। ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਾਠ ਪਰਿਵਾਰ ਦੇ ਗ੍ਰਹਿ ਵਿਖੇ ਪਹੁੰਚਕੇ ਅਫਸੋਸ ਕਰਦੇ ਹੋਏ ਕੀਤਾ ਅਤੇ ਸੰਗਤ ਨੂੰ ਅਰਦਾਸ ਵਿਚ ਸਾਮਿਲ ਹੋਣ ਦੀ ਅਪੀਲ ਵੀ ਕੀਤੀ। ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਨ ਵਾਲਿਆ ਵਿਚ ਸ. ਮਾਨ ਤੋ ਇਲਾਵਾ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਇਮਾਨ ਸਿੰਘ ਮਾਨ ਸਰਪ੍ਰਸਤ ਯੂਥ, ਗੋਬਿੰਦ ਸਿੰਘ ਸੰਧੂ ਜਥੇਬੰਦਕ ਸਕੱਤਰ, ਮਾਸਟਰ ਕਰਨੈਲ ਸਿੰਘ ਨਾਰੀਕੇ, ਡਾ. ਹਰਜਿੰਦਰ ਸਿੰਘ ਜੱਖੂ, ਪ੍ਰੋ. ਮਹਿੰਦਰਪਾਲ ਸਿੰਘ, ਕੁਸਲਪਾਲ ਸਿੰਘ ਮਾਨ, ਕੁਲਦੀਪ ਸਿੰਘ ਭਾਗੋਵਾਲ, ਹਰਪਾਲ ਸਿੰਘ ਬਲੇਰ, ਉਪਕਾਰ ਸਿੰਘ ਸੰਧੂ, ਅੰਮ੍ਰਿਤਪਾਲ ਸਿੰਘ ਛੰਦੜਾ, ਗੁਰਜੰਟ ਸਿੰਘ ਕੱਟੂ (ਸਾਰੇ ਜਰਨਲ ਸਕੱਤਰ), ਸਿੰਗਾਰਾ ਸਿੰਘ ਬਡਲਾ, ਧਰਮ ਸਿੰਘ ਕਲੌੜ ਆਦਿ ਆਗੂ ਹਾਜਰ ਸਨ।



# ਉਸ ਬੋਲੀ ਕਾ ਅੰਤ ਤੈਅ ਆ, ਜਿਸ ਨੂੰ ਬੋਲਣ ਲਿਖਣ ਪਾ ਆਪਣਿਆਂ ਨੂੰ ਇਤਰਾਜ ਹੋ

ਆਪਣੇ ਆਲੀ ਪੁਆਧ ਬੋਲੀ ਕੀ ਬਾਤ ਕਰ ਰਿਹਾ ਉ ਹਾਲਾਂਕਿ ਜੋ ਸਿੱਧੇ ਤੌਰ ਪਾ ਬੰਦੇ ਕਾ ਨਿਜੀ ਫੈਸਲਾ ਹੋਆ ਕਿ ਬੰਦੇ ਨੇ ਆਪਣੇ ਆਲੀ ਬੋਲੀ ਮਾ ਬਾਤ ਕਰਨੀ ਆ ਕਿ ਬੇਗਾਨੀ ਮਾ। ਸਵੇਰਾ ਤੋਂ ਜਦੇ ਹੋਆ ਜਦ ਬੰਦਾ ਨੂੰ ਸਮਝ ਆ ਗਈ ਬਾਤ ਵੀ, ਜੋ ਮਾਰੀ ਬੋਲੀ ਖਤਮ ਹੋ ਰਹੀ ਆ। ਅਰ ਸਾਰਿਆਂ ਤੇ ਬੜੀ ਬਾਤ ਤੋਂ ਜੋ ਕਿ ਜਿਸ ਕੌਮ ਕੀ ਆਪਣੀ ਬੋਲੀ ਖਤਮ ਹੋ ਜਹਾਂ ਨਾ, ਉਸ ਕੌਮ ਕਾ ਵੀ ਖਤਮ ਹੋਣਾ ਤੈਹ ਹੋਆ। ਜਦ ਕੀ ਇਨਾ ਬਾਤਾਂ ਕੀ ਸਮਝ ਆਈ ਆ, ਤਦ ਕੇ ਆਪ ਤੋਂ ਬੋਲਾਂ ਹੀ ਆ, ਆਪਣੇ ਜਵਾਕਾਂ ਨੂੰ ਵੀ ਸਿਖਾ ਰਿਹਾ। ਨਾਲੇ ਬੋਲੀ ਕੋਈ ਮਾੜੀ ਨਹੀਂ ਹੁੰਦੀ, ਪਰ ਜੋ ਗੱਲ ਬਹੁਤ ਮਾੜੀ ਆ ਵੀ ਆਪਣੀ ਛੱਡ ਕਾ ਦੂਸਰਿਆਂ ਦੀ ਬੋਲਣੀ। ਕਿਸੇ ਨੂੰ ਸਰਮ ਆਵਾ ਆਪਣੀ ਬੋਲੀ ਬੋਲਣ ਮਾਂ ਤੋ ਆਈ ਜਾਣ ਦੇ ਪਰ ਮਨੂੰ ਤੋ ਮਾਣ ਆ ਆਪਣੀ ਬੋਲੀ ਪਾ ਜਦ ਮੇਰਾ ਜੀ ਕਰਾਂਗਾ ਮੈਂ ਤੋਂ ਬੋਲੂੰਗਾ ਵੀ, ਅਰ ਲਿਖੂਗਾ ਵੀ। ਕੋਈ ਥੋੜੀ ਦੱਸਾਗਾ ਮਨੂੰ ਕਿ ਕਿਹੜੀ ਬੋਲੀ ਲਿਖ ਅਰ ਬੋਲ।

**-ਪਰਗਟ ਸਿੰਘ ਬਲਬੇੜਾ**, 9022000070

# ਖ਼ਨੌਰੀ ਸਰਹੱਦ 'ਤੇ ਸ਼ਹੀਦ ਹੋਏ ਕਿਸਾਨ ਗੁਰਮੀਤ ਸਿੰਘ ਲਈ ਸਰਕਾਰੀ ਨੀਤੀਆ ਜ਼ਿੰਮੇਵਾਰ: ਮਾਨ

**ਨਵੀਂ ਦਿੱਲੀ, 26 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇਕ ਪਾਸੇ ਸਮੁੱਚੇ ਮੁਲਕ ਦੇ ਜਿੰਮੀਦਾਰ ਆਪਣੀਆ ਪੈਦਾਵਾਰ, ਹੋਰ ਹਕੂਮਤੀ ਸਹੂਲਤਾਂ ਦੀ ਪੂਰਤੀ ਲਈ ਅਤੇ ਆਪਣੀ ਪੈਦਾਵਾਰ ਦੀਆਂ ਸਹੀ ਕੀਮਤਾਂ ਪ੍ਰਾਪਤ ਕਰਨ ਲਈ ਮਜਬੂਰਨ ਸਰਹੱਦਾਂ ਉਤੇ ਗਰਮੀ-ਸਰਦੀ ਦੇ ਮੌਸਮ ਵਿਚ ਸੰਘਰਸ ਕਰ ਰਹੇ ਹਨ। ਦੂਸਰੇ ਪਾਸੇ ਮੌਜੂਦਾ ਸੈਂਟਰ ਦੀ ਬੀ.ਜੇ.ਪੀ (ਆਰ.ਐਸ.ਐਸ) ਨਾਲ ਸੰਬੰਧਤ ਹੁਕਮਰਾਨ, ਉਨ੍ਹਾਂ ਦੇ ਐਮ.ਪੀ ਆਗੂ ਹਕੂਮਤੀ ਸਹਿ ਉਤੇ ਇਨ੍ਹਾਂ ਮਿਹਨਤਕਸ ਜਿੰਮੀਦਾਰ ਮਜਦੂਰ ਵਰਗ ਵਿਰੁੱਧ ਨਫਰਤ ਭਰੀਆ ਅਤੇ ਭੜਕਾਊ ਬਿਆਨਬਾਜੀ ਕਰਕੇ ਬਲਦੀ ਉਤੇ ਤੇਲ ਪਾਉਣ ਦੀ ਬਜਰ ਗੁਸਤਾਖੀ ਕਰ ਰਹੀਆ ਹਨ। ਜਿਸ ਦੀ ਬਦੌਲਤ ਇਸ ਸੰਘਰਸ ਦੌਰਾਨ ਬੀਤੇ ਦਿਨੀ ਖਨੌਰੀ ਬਾਰਡਰ ਉਤੇ ਲੰਮੇ ਸਮੇ ਤੋ ਗੁਰਮੀਤ ਸਿੰਘ ਨਾਮ ਦਾ ਕਿਸਾਨ ਜੋ ਬਿਜਲੀ ਦੇ ਕੰਮ ਬਾਰੇ ਚੌਖੀ ਜਾਣਕਾਰੀ ਰੱਖਦਾ ਸੀ ਅਤੇ ਲੰਮੇ ਸਮੇ ਤੋ ਉਸ ਸਰਹੱਦ ਤੇ ਚੱਲ ਰਹੇ ਮੋਰਚੇ ਵਿਚ ਸੇਵਾ ਕਰ ਰਿਹਾ ਸੀ, ਉਸਦੇ ਚੱਲੇ ਜਾਣ ਉਤੇ ਕਿਸਾਨ ਵਰਗ, ਪੰਜਾਬੀਆਂ ਅਤੇ ਸਿੱਖ ਕੌਮ ਨੂੰ ਜੋ ਵੱਡਾ ਘਾਟਾ ਪਿਆ ਹੈ, ਉਹ ਸਰਕਾਰੀ ਜਬਰ ਅਤੇ ਵਿਤਕਰਿਆ ਪ੍ਰਤੱਖ ਮੂੰਹ ਬੋਲਦੀ ਮਿਸਾਲ ਹੈ ਜਿਸਦੀ ਸ੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਉਸਦੇ ਪਰਿਵਾਰ, ਮੈਬਰਾਂ, ਦੋਸਤਾਂ, ਮਿੱਤਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਉਸ ਅਕਾਲ ਪੁਰਖ ਦੇ ਚਰਨਾਂ ਵਿਚ ਉਸ ਸਹੀਦ ਹੋਏ ਕਿਸਾਨ ਦੀ ਆਤਮਾ ਦੀ ਸਾਂਤੀ ਲਈ ਜਿਥੇ ਅਰਦਾਸ ਕੀਤੀ ਜਾਂਦੀ ਹੈ, ਉਥੇ ਪਰਿਵਾਰਿਕ ਮੈਬਰਾਂ ਤੇ ਸਭਨਾਂ ਨੂੰ ਭਾਣੇ ਵਿਚ ਵਿਚਰਣ ਲਈ ਅਰਜੋਈ ਵੀ ਕੀਤੀ ਜਾਂਦੀ ਹੈ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਗੁਰਮੀਤ ਸਿੰਘ ਕਿਸਾਨ ਦੇ ਚਲੇ ਜਾਣ ਉਤੇ ਦੋਵਾਂ ਸਰਕਾਰਾਂ ਦੀਆਂ ਦਿਸਾਹੀਣ ਜਿੰਮੀਦਾਰਾਂ ਪ੍ਰਤੀ ਅਪਣਾਈਆ ਨੀਤੀਆ ਨੂੰ ਦੋਸੀ ਠਹਿਰਾਉਦੇ ਹੋਏ ਅਤੇ ਵਿਛੜੀ ਆਤਮਾ ਦੀ ਸਾਂਤੀ ਲਈ ਅਰਦਾਸ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਿੰਮੀਦਾਰ ਅਤੇ ਖੇਤ ਮਜਦੂਰ ਵਰਗ ਨੂੰ ਇਹ ਕੋਈ ਸੌਕ ਨਹੀ ਕਿ ਉਹ ਆਪਣੇ ਘਰ ਬੱਚਿਆਂ ਤੋ ਬਾਹਰ ਰਹਿਕੇ ਸਿਰੇ ਦੀ ਗਰਮੀ-ਸਰਦੀ ਅਤੇ ਮੌਸਮ ਤਬਦੀਲੀ ਵਿਚ ਸੜਕਾਂ ਉਤੇ ਧਰਨੇ ਦੇਣ। ਇਹ ਤਾਂ ਸਰਕਾਰ ਵੱਲੋ ਜਿੰਮੀਦਾਰਾਂ ਨਾਲ ਲੰਮੇ ਸਮੇ ਤੋ ਕੀਤੀਆ ਜਾਂਦੀਆ ਆ ਰਹੀਆ ਬੇਇਨਸਾਫੀਆਂ ਦੀ ਬਦੌਲਤ ਮਜਬੂਰਨ ਇਹ ਧਰਨੇ ਰੈਲੀਆ ਕਰਨੀਆ ਪੈ ਰਹੀਆ ਹਨ, ਜਦੋਕਿ ਐਮ.ਐਸ.ਪੀ, ਸਹੀ ਕੀਮਤ ਤੇ ਖਾਦਾਂ, ਦਵਾਈਆ, ਫਸਲਾਂ ਦੀ ਸਿੰਚਾਈ ਲਈ ਪਾਣੀ ਅਤੇ ਆਪਣੇ ਉਤਪਾਦਾਂ ਦੀ ਸਹੀ ਕੀਮਤ ਤੇ ਖਰੀਦ ਵੇਚ ਤਾਂ ਉਨ੍ਹਾਂ ਦੇ ਵਿਧਾਨਿਕ ਤੇ ਸਮਾਜਿਕ ਅਧਿਕਾਰ ਹਨ। ਜਿਨ੍ਹਾਂ ਨੂੰ ਨਿਰੰਤਰ ਕੁਚਲਿਆ ਜਾਂਦਾ ਆ ਰਿਹਾ ਹੈ। ਇਹ ਹੋਰ ਵੀ ਦੁੱਖਦਾਇਕ ਵਰਤਾਰਾ ਹੈ ਕਿ ਬੀਬੀ ਕੰਗਣਾ ਰਣੌਤ ਵਰਗੀ ਅਤੇ ਸ੍ਰੀ ਮਨੋਹਰ ਲਾਲ ਖੱਟਰ ਵਰਗੇ ਬੀਜੇਪੀ ਆਗੂ ਪੰਜਾਬੀਆਂ, ਸਿੱਖ ਕੌਮ ਅਤੇ ਕਿਸਾਨ ਵਰਗ ਦੀਆਂ ਅੰਤਰੀਵ ਭਾਵਨਾਵਾ ਨੂੰ ਅਪਮਾਨਜਨਕ ਸਬਦਾਂ ਰਾਹੀ ਅਖਬਾਰੀ ਹਮਲੇ ਕਰਕੇ ਉਨ੍ਹਾਂ ਦੀਆਂ ਜਾਇਜ ਮੰਗਾਂ ਨੂੰ ਪੂਰਨ ਕਰਨ ਦੀ ਬਜਾਇ ਭੜਕਾਊ ਕਾਰਵਾਈਆ ਕਰਨ ਤੇ ਲੱਗੇ ਹੋਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091237